# ਅਸਤਰ

### ਰਾਣੀ ਵਸ਼ਤੀ ਦਾ ਪਾਤਸ਼ਾਹ ਦੀ ਹੁਕਮ ਅਦੂਲੀ ਕਰਨਾ

1 ਇਹੀ ਵਾਪਰਿਆ ਜਦੋਂ ਅਹਸ਼ਵੇਰੋਸ਼ ਪਾਤਸ਼ਾਹ, ਹਿੰਦੁਸਤਾਨ
ਤੋਂ ਲੈਕੇ ਕੂਸ਼ ਤੀਕ, 127 ਪ੍ਰਾਂਤਾ ਉੱਤੇ ਸ਼ਾਸਨ ਕਰਦਾ ਹੁੰਦਾ
ਸੀ। 2ਅਹਸ਼ਵੇਰੋਸ਼ ਪਾਤਸਾਹ ਨੇ ਸ਼ੂਸ਼ਨ ਜਿਲ੍ਹੇ ਦੇ ਮਹਿਲ ਵਿੱਚ
ਆਪਣੇ ਤਖ਼ਤ ਤੋਂ ਰਾਜ ਕੀਤਾ।

3ਉਸ ਦੇ ਰਾਜ ਦੇ ਤੀਜੇ ਵਰ੍ਹੇ, ਉਸ ਨੇ ਆਪਣੇ ਆਗੂਆਂ ਅਤੇ
ਹਾਕਮਾਂ ਨੂੰ ਇੱਕ ਦਾਅਵਤ ਦਿੱਤੀ ਜਿਸ ਵਿੱਚ ਫਾਰਸ ਅਤੇ ਮਾਦਾ
ਦੇ ਸੇਨਾਪਤੀ ਅਤੇ ਮੁੱਖ ਆਗੂ ਵੀ ਸ਼ਾਮਿਲ ਸਨ। 4ਇਹ ਦਾਅਵਤ
ਲਗਾਤਾਰ 180 ਦਿਨ ਚੱਲੀ। ਇਸ ਸਮੇਂ ਦੇ ਦੌਰਾਨ ਅਹਸ਼ਵੇਰੋਸ਼
ਆਪਣੇ ਰਾਜਸੀ ਠਾਠ ਤੇ ਖਜ਼ਾਨਿਆਂ ਦਾ ਢੇਰ ਵਿਖਾਵਾ ਕਰ
ਰਿਹਾ ਸੀ। ਉਹ ਹਰ ਇੱਕ ਨੂੰ ਮਹਿਲ ਦੀ ਸ਼ਾਨ-ਸ਼ੌਕਤ ਦਾ ਵਿਖਾਵਾ
ਕਰਦਾ। 5ਤੇ ਜਦੋਂ 180 ਦਿਨ ਪੂਰੇ ਹੋ ਗਏ, ਪਾਤਸ਼ਾਹ ਨੇ ਇੱਕ
ਹੋਰ ਦਾਅਵਤ ਦਿੱਤੀ, ਜਿਹੜੀ ਸੱਤਾਂ ਦਿਨਾਂ ਤੱਕ ਚੱਲੀ। ਇਹ
ਦਾਅਵਤ ਮਹਿਲ ਦੇ ਅੰਦਰਲੇ ਬਾਗ ਵਿੱਚ ਦਿੱਤੀ ਗਈ ਸੀ।
ਸ਼ੂਸ਼ਨ ਗੜ੍ਹੀ ਵਿਚਲੇ ਸਾਰੇ ਲੋਕਾਂ ਨੂੰ ਬੁਲਾਇਆ ਗਿਆ ਜਿਸ
ਵਿੱਚ ਆਮ ਤੋਂ ਲੈ ਕੇ ਖਾਸ ਸਾਰੇ ਹੀ ਸ਼ਾਮਿਲ ਸਨ। 6ਬਾਗ ਅੰਦਰ
ਚਿੱਟੇ ਅਤੇ ਜਾਮਨੀ ਰੰਗ ਦੇ ਸੂਤੀ ਪਰਦੇ, ਚਾਂਦੀ ਦੇ ਛੱਲਿਆਂ
ਅਤੇ ਸਫ਼ੇਦ ਸੂਤੀ ਡੋਰੀਆਂ, ਅਤੇ ਬੈਂਗਨੀ ਰੰਗ ਦੀਆਂ ਡੋਰੀਆਂ
ਨਾਲ ਸੰਗਮਰਮਰ ਦੇ ਥੰਮਾਂ ਨਾਲ ਬੰਨ੍ਹੇ ਹੋਏ ਸਨ। ਸੋਨੇ ਅਤੇ
ਚਾਂਦੀ ਦੀਆਂ ਚੌਂਕੀਆਂ ਸੰਗਮਰਮਰ, ਲਾਲ ਸਖ਼ਤ ਬਲੌਰੀ ਚੱਟਾਨ,
ਸੀਪ ਅਤੇ ਹੋਰ ਕੀਮਤੀ ਪੱਥਰਾਂ ਤੋਂ ਬਣੀ ਫਰਸ਼ ਤੇ ਰੱਖੀਆਂ
ਹੋਈਆਂ ਸਨ। 7ਸੋਨੇ ਦੇ ਜਾਮਾਂ ਵਿੱਚ ਮੈਅ ਵਰਤਾਈ ਗਈ। ਹਰ
ਜਾਮ ਦੂਜੇ ਤੋਂ ਵੱਖਰਾ ਸੀ। ਪਾਤਸ਼ਾਹ ਬੜਾ ਦਿਆਲ ਸੀ ਅਤੇ
ਉਸ ਦੀ ਦਾਅਵਤ ਵਿੱਚ ਬੇਹਿਸਾਬ ਮੈਅ ਵਰਤਾਈ ਗਈ।
8ਪਾਤਸਾਹ ਨੇ ਆਪਣੇ ਸੇਵਕਾਂ ਨੂੰ ਇਹ ਹੁਕਮ ਦਿੱਤਾ ਕਿ ਮਹਿਮਾਨ
ਜਿੰਨੀ ਮੈਅ ਚਾਹੁਣ ਉਨ੍ਹਾਂ ’ਚ ਵਰਤਾਈ ਜਾਵੇ। ਤੇ ਮੈਅ
ਵਰਤਾਉਣ ਵਾਲਿਆਂ ਨੇ ਪਾਤਸ਼ਾਹ ਦੇ ਹੁਕਮ ਨੂੰ ਮੰਨਿਆ।

9ਰਾਣੀ ਵਸ਼ਤੀ ਨੇ ਵੀ ਸ਼ਾਹੀ ਮਹਿਲ ਵਿੱਚ ਔਰਤਾਂ ਨੂੰ ਇੱਕ
ਦਾਅਵਤ ਦਿੱਤੀ।

10-11ਦਾਅਵਤ ਦੇ ਸੱਤਵੇਂ ਦਿਨ ਜਦੋਂ ਪਾਤਸ਼ਾਹ ਪੀਤੀ ਹੋਈ
ਮੈਅ ਕਾਰਣ ਮਗਨ ਸੀ ਉਸ ਨੇ ਸੱਤ ਖੁਸਰਿਆਂ ਨੂੰ ਆਪਣੀ
ਸੇਵਾ ਵਿੱਚ ਬੁਲਾਇਆ ਇਹ ਸੱਤ ਖੁਸਰਿਆਂ ਦੇ ਨਾਂ ਸਨ ਮਹੂਮਾਨ,
ਬਿਜ਼ਥਾ, ਹਰਬੋਨਾ, ਬਿਗਥਾ, ਅਬਗਥਾ, ਜ਼ੇਥਰ ਅਤੇ ਕਰਕਸ ।
ਉਸ ਨੇ ਇਨ੍ਹਾਂ ਖੁਸਰਿਆਂ ਨੂੰ ਹੁਕਮ ਦਿੱਤਾ ਕਿ ਉਹ ਰਾਣੀ ਵਸ਼ਤੀ
ਨੂੰ ਸ਼ਾਹੀ ਮੁਕਟ ਨਾਲ ਪਾਤਸ਼ਾਹ ਦੇ ਸਨਮੁੱਖ ਲਿਆਉਣ ਤਾਂ ਜੋ
ਉਹ ਰਾਣੀ ਦਾ ਸੁਹੱਪਣ ਮਹੱਤਵਪੂਰਣ ਲੋਕਾਂ ਨੂੰ ਅਤੇ ਸਰਦਾਰਾਂ
ਨੂੰ ਵਿਖਾਵੇ, ਕਿਉਂ ਕਿ ਉਹ ਵੇਖਣ ਵਿੱਚ ਸੋਹਣੀ ਸੀ।

12ਪਰ ਜਦੋਂ ਉਨ੍ਹਾਂ ਨੇ ਰਾਣੀ ਵਸ਼ਤੀ ਨੂੰ ਪਾਤਸ਼ਾਹ ਦਾ ਹੁਕਮ
ਸੁਣਾਇਆ ਤਾਂ ਉਸ ਨੇ ਆਉਣ ਤੋਂ ਇਨਕਾਰ ਕਰ ਦਿੱਤਾ। ਤਦ
ਰਾਜਾ ਨੂੰ ਬੜਾ ਕ੍ਰੋਧ ਚੜ੍ਹ ਆਇਆ। 13-14ਇਹ ਰੀਤ ਸੀ ਕਿ
ਪਾਤਸ਼ਾਹ ਅਨੁਭਵੀ ਲੋਕਾਂ ਤੋਂ ਕਨੂੰਨ ਅਤੇ ਸਜ਼ਾ ਲਈ ਸਲਾਹ
ਲੈਂਦਾ ਹੁੰਦਾ ਸੀ। ਇਸ ਲਈ ਅਹਸ਼ਵੇਰੋਸ਼ ਨੇ ਸਿਆਣੇ ਲੋਕਾਂ ਅਤੇ
ਕਨੂੰਨ ਨੂੰ ਜਾਨਣ ਵਾਲਿਆਂ ਦੀ ਸਲਾਹ ਲਈ। ਇਹ ਸਿਆਣੇ
ਆਦਮੀ ਪਾਤਸ਼ਾਹ ਦੇ ਬੜੇ ਨਜ਼ਦੀਕੀ ਸਨ ਜਿਨ੍ਹਾਂ ਦੇ ਨਾਮ ਸਨ:
ਕਰਸ਼ਨਾ, ਸ਼ੇਥਾਰ, ਅਧਮਾਥਾ, ਤਰਸ਼ੀਸ਼, ਮਰਸ, ਮਰਸਨਾ ਅਤੇ
ਮਮੂਕਾਨ। ਉਹ ਫਾਰਸ ਅਤੇ ਮਾਦਾ ਦੇ ਅੱਤ ਮਹੱਤਵਪੂਰਣ ਸ਼ਾਸਕ
ਸਨ ਅਤੇ ਇਨ੍ਹਾਂ ਕੋਲ ਖਾਸ ਸਹੂਲਤਾਂ ਅਤੇ ਪਾਤਸ਼ਾਹ ਨੂੰ ਮਿਲਣ
ਦੇ ਹੱਕ ਸਨ। ਅਤੇ ਉਹ ਰਾਜ ਵਿੱਚ ਉੱਚ ਪਦਾਂ ਦੇ ਸ਼ਾਸਕ ਸਨ।
15ਪਾਤਸ਼ਾਹ ਨੇ ਇਨ੍ਹਾਂ ਆਦਮੀਆਂ ਨੂੰ ਪੁੱਛਿਆ, “ਬਿਵਸਥਾ
ਅਨੁਸਾਰ, ਰਾਣੀ ਵਸ਼ਤੀ ਨਾਲ ਕੀ ਕੀਤਾ ਜਾਣਾ ਚਾਹੀਦਾ ਹੈ?
ਜਿਹੜੇ ਹਿੱਜੜੇ ਪਾਤਸ਼ਾਹ ਅਹਸ਼ਵੇਰੋਸ਼ ਦਾ ਹੁਕਮ ਰਾਣੀ ਕੋਲ ਲੈ
ਕੇ ਗਏ, ਉਸ ਨੂੰ ਮੰਨਣ ਤੋਂ ਰਾਣੀ ਨੇ ਇਨਕਾਰ ਕੀਤਾ, ਤੇ ਹੁਣ
ਉਸ ਨਾਲ ਕਿਵੇਂ ਕਰਨਾ ਚਾਹੀਦਾ ਹੈ?”

16ਤੱਦ ਮਮੂਕਾਨ ਨੇ ਪਾਤਸ਼ਾਹ ਅਤੇ ਸਰਦਾਰਾਂ ਸਾਮ੍ਹਣੇ
ਆਖਿਆ, “ਰਾਣੀ ਵਸ਼ਤੀ ਨੇ ਮਾੜਾ ਕੀਤਾ ਹੈ। ਉਸ ਨੇ ਕੇਵਲ
ਪਾਤਸ਼ਾਹ ਦਾ ਹੀ ਨਹੀਂ ਸਗੋਂ ਸਾਰੇ ਸਰਦਾਰਾਂ ਅਤੇ ਪਾਤਸ਼ਾਹ
ਅਹਸ਼ਵੇਰੋਸ਼ ਦੇ ਰਾਜ ਦੇ ਸਾਰੇ ਸੂਬਿਆਂ ਦੇ ਲੋਕਾਂ ਵਿੱਚ ਬੁਰਾ ਕੰਮ
ਕੀਤਾ ਹੈ। 17ਮੈਂ ਇਹ ਇਸ ਲਈ ਕਹਿ ਰਿਹਾ ਹਾਂ ਕਿਉਂ ਕਿ ਜਦੋਂ
ਹੋਰ ਸਾਰੀਆਂ ਔਰਤਾਂ ਨੂੰ ਵਸ਼ਤੀ ਦੀ ਕਰਤੂਤ ਬਾਰੇ ਪਤਾ ਚੱਲੇਗਾ,
ਤਾਂ ਉਹ ਵੀ ਆਪਣੇ ਪਤੀਆਂ ਦੇ ਆਦੇਸ਼ ਨੂੰ ਮੰਨਣ ਤੋਂ ਇਨਕਾਰ
ਕਰਨਗੀਆਂ। ਉਹ ਆਪਣੇ ਪਤੀਆਂ ਨੂੰ ਆਖਣਗੀਆਂ, ‘ਰਾਣੀ
ਵਸ਼ਤੀ ਨੇ ਆਉਣ ਤੋਂ ਇਨਕਾਰ ਕਰ ਦਿੱਤਾ ਜਦੋਂ ਕਿ ਪਾਤਸ਼ਾਹ
ਅਹਸ਼ਵੇਰੋਸ਼ ਨੇ ਉਸ ਨੂੰ ਆਪਣੇ ਕੋਲ ਆਉਣ ਲਈ ਕਿਹਾ ਸੀ।’
18“ਅੱਜ ਦੇ ਦਿਨ ਫਾਰਸ ਅਤੇ ਮਾਦਾ ਦੇ ਸਰਦਾਰਾਂ ਦੀਆਂ
ਪਤਨੀਆਂ ਨੂੰ ਰਾਣੀ ਦੀ ਗੱਲ ਦੀ ਖ਼ਬਰ ਮਿਲੀ ਹੈ ਤਾਂ ਉਹ ਉਸ
ਦੀਆਂ ਕਰਤੂਤਾਂ ਤੋਂ ਪ੍ਰਭਾਵਿਤ ਹੋ ਕੇ ਉਹ ਵੀ ਆਪਣੇ ਹਾਕਮਾਂ-
ਸਰਦਾਰਾਂ ਅੱਗੇ ਇਉਂ ਹੀ ਕਰਨਗੀਆਂ ਤਾਂ ਇਉਂ ਮਹੌਲ ਵਿੱਚ
ਨਿਰਾਦਰ ਅਤੇ ਕ੍ਰੋਧ ਦੀ ਭਾਵਨਾ ਪੈਦਾ ਹੋਵੇਗੀ।

19“ਇਸ ਲਈ ਜੇਕਰ ਪਾਤਸ਼ਾਹ ਨੂੰ ਇਹ ਸੁਝਾਵ ਚੰਗਾ ਲੱਗੇ,
ਤਾਂ ਉਸ ਦੇ ਵੱਲੋਂ ਇਸ ਸ਼ਾਹੀ ਹੁਕਮਾ ਦਾ ਐਲਾਨ ਕੀਤਾ ਜਾਵੇ

ਅਤੇ ਇਹ ਫਾਰਸ ਅਤੇ ਮਾਦਾ ਦੇ ਕਨੂੰਨਾਂ ਵਿੱਚ ਲਿਖਿਆ ਜਾਵੇ
ਜੋ ਬਦਲਿਆ ਨਹੀਂ ਜਾ ਸਕਦਾ। ਤੇ ਸ਼ਾਹੀ ਐਲਾਨ ਇਹ ਹੋਵੇ ਕਿ
ਰਾਣੀ ਵਸ਼ਤੀ ਹੁਣ ਕਦੇ ਪਾਤਸ਼ਾਹ ਅਹਸ਼ਵੇਰੋਸ਼ ਦੇ ਸਨਮੁੱਖ
ਪ੍ਰਗਟ ਨਾ ਹੋਵੇ ਅਤੇ ਜਿਹੜੀ ਉਸ ਤੋਂ ਚੰਗੀ ਹੋਵੇ ਪਾਤਸ਼ਾਹ ਇਹ
ਪਦਵੀ ਉਸ ਨੂੰ ਦੇ ਦੇਵੇ। 20ਇਉਂ ਜਦੋਂ ਪਾਤਸ਼ਾਹ ਦਾ ਹੁਕਮ
ਰਾਜ ਦੇ ਸਾਰੇ ਹਿੱਸਿਆਂ ਵਿੱਚ ਐਲਾਨਿਆ ਜਾਵੇ, ਤਾਂ ਉਸ ਦੇ
ਵਿਸ਼ਾਲ ਰਾਜ ਵਿਚਲੀਆਂ ਸਾਰੀਆਂ ਔਰਤਾਂ ਸੁਣਨਗੀਆਂ ਅਤੇ
ਆਪਣੇ ਪਤੀ ਦੀ ਇੱਜ਼ਤ ਕਰਨਗੀਆਂ ਭਾਵੇਂ ਉਹ ਰੁਤਬੇ ਵਿੱਚ
ਘੱਟ ਜਾਂ ਅੱਤ ਮਹੱਤਵਪੂਰਣ ਹੋਵੇ।"

21ਪਾਤਸ਼ਾਹ ਅਤੇ ਉਸਦੇ ਮਹੱਤਵਪੂਰਣ ਅਧਿਕਾਰੀ ਅਜਿਹੀ
ਸਲਾਹ ਤੋਂ ਬੜੇ ਖੁਸ਼ ਸਨ ਅਤੇ ਪਾਤਸ਼ਾਹ ਅਹਸ਼ਵੇਰੋਸ਼ ਨੇ ਉਵੇਂ
ਹੀ ਕੀਤਾ ਜਿਵੇਂ ਮਮੂਕਾਨ ਨੇ ਸੁਝਾਵ ਦਿੱਤਾ ਸੀ। 22ਪਾਤਸ਼ਾਹ
ਅਹਸਵੇਰੋਸ਼ ਨੇ ਆਪਣੇ ਰਾਜ ਦੇ ਸਾਰੇ ਹਿੱਸਿਆਂ ਵਿੱਚ ਚਿੱਠੀਆਂ
ਭੇਜੀਆਂ। ਉਸ ਨੇ ਇਹ ਚਿੱਠੀਆਂ ਸਾਰੇ ਸੂਬਿਆਂ ਵਿੱਚ, ਸੂਬੇ ਦੀ
ਆਪਣੀ ਬੋਲੀ ਵਿੱਚ ਅਤੇ ਹਰ ਕੌਮ ਦੀ ਆਪਣੀ ਬੋਲੀ ਮੁਤਾਬਕ
ਭੇਜੀਆਂ। ਇਉਂ ਉਹ ਚਿੱਠੀਆਂ ਹਰ ਵਿਅਕਤੀ ਦੀ ਬੋਲੀ ਮੁਤਾਬਕ
ਭੇਜੀਆਂ ਗਈਆਂ ਤਾਂ ਜੋ ਹਰ ਮਨੁੱਖ ਨੂੰ ਆਪਣੇ ਘਰ ਦਾ ਮੁਖੀਆ
ਹੋਵੇ, ਪਤਾ ਚਲ ਜਾਵੇ।

### ਅਸਤਰ ਨੂੰ ਰਾਣੀ ਬਣਾਇਆ ਜਾਣਾ

2 ਇਸਤੋਂ ਬਆਦ ਪਾਤਸ਼ਾਹ ਅਹਸ਼ਵੇਰੋਸ਼ ਦਾ ਕਰੋਧ ਠੰਡਾ ਪੈ
ਗਿਆ। ਫਿਰ ਉਸਨੇ ਵਸ਼ਤੀ ਵਿਰੁੱਧ ਆਪਣੇ ਹੁਕਮ ਅਤੇ
ਜੋ ਕੁਝ ਵਸ਼ਤੀ ਤੇ ਕੀਤਾ ਸੀ, ਉਸ ਸਭ ਨੂੰ ਚਿਤਵਿਆ। 2ਤਾਂ
ਪਾਤਸ਼ਾਹ ਦੇ ਨਿੱਜੀ ਸੇਵਕਾਂ ਨੇ ਉਸ ਨੂੰ ਸੁਝਾਅ ਦਿੱਤਾ ਅਤੇ
ਕਿਹਾ, "ਪਾਤਸ਼ਾਹ ਲਈ ਸੋਹਣੀਆਂ ਅਤੇ ਕੁਆਰੀਆਂ ਕੁੜੀਆਂ
ਦੀ ਭਾਲ ਕੀਤੀ ਜਾਵੇ। 3ਪਾਤਸ਼ਾਹ ਆਪਣੀ ਹਰ ਪ੍ਰਾਂਤ ਵਿੱਚੋਂ
ਆਗੂਆਂ ਨੂੰ ਚੁਣੇ ਅਤੇ ਫਿਰ ਇਹ ਆਗੂ ਉਨ੍ਹਾਂ ਖੂਬਸੂਰਤ ਅਤੇ
ਅਣਵਿਆਹੀਆਂ ਕੁੜੀਆਂ ਨੂੰ ਸ਼ੂਸ਼ਨ ਜਿਲ੍ਹੇ ਦੇ ਮਹਿਲ ਨੂੰ
ਲਿਆਉਣ। ਇਨ੍ਹਾਂ ਕੁੜੀਆਂ ਨੂੰ ਪਾਤਸ਼ਾਹ ਦੇ ਮਹਿਲ ਦੇ
ਜਨਾਨਖਾਨੇ ਵਿੱਚ ਰੱਖਿਆ ਜਾਵੇਗਾ। ਅਤੇ ਉਹ ਪਾਤਸ਼ਾਹ ਦੇ
ਖੁਸਰੇ ਹੇਗਈ ਦੀ ਦੇਖ-ਰੇਖ ਵਿੱਚ ਰਹਿਣਗੀਆਂ, ਜੋ ਕਿ ਪਾਤਸ਼ਾਹ
ਦੇ ਜਨਾਨਖਾਨੇ ਦਾ ਸਰਪ੍ਰਸਤ ਹੈ। ਫ਼ਿਰ ਉਹ ਉਨ੍ਹਾਂ ਨੂੰ ਖੂਬਸੂਰਤੀ
ਲਈ ਵਸਤਾਂ ਦੇਵੇਗਾ। 4ਫਿਰ ਉਹਨਾਂ ਸਭਨਾਂ ਵਿੱਚ ਜਿਹੜੀ
ਕੰਜਕ ਕੁਆਰੀ ਪਾਤਸ਼ਾਹ ਦੀ ਮਨ ਨੂੰ ਭਾਵੇ ਉਸ ਨੂੰ ਵਸ਼ਤੀ ਦੀ
ਥਾਵੇ ਪਾਤਸ਼ਾਹ ਦੀ ਮਹਾਰਾਣੀ ਥਾਪਿਆਂ ਜਾਵੇ।" ਪਾਤਸ਼ਾਹ ਨੂੰ
ਇਹ ਮਸ਼ਵਰਾ ਚੰਗਾ ਲੱਗਿਆ ਤੇ ਉਸਨੇ ਮੰਨ ਲਿਆ।

5ਹੁਣ ਬਿਨਯਾਮੀਨੀ ਘਰਾਣੇ ਦੇ ਪਰਿਵਾਰ ਸਮੂਹ ਵਿੱਚੋ
ਮਾਰਦਕਈ ਨਾਮ ਦਾ ਇਕ ਯਹੂਦੀ ਸੀ ਜੋ ਕਿ ਯਾਈਰ ਦਾ ਪੁੱਤਰ
ਸੀ ਅਤੇ ਕੀਸ਼ ਦਾ ਪੁੱਤਰ ਸੀ। ਮਾਰਦਕਈ ਸ਼ੂਸ਼ਨ ਜਿਲ੍ਹੇ ਦੇ
ਮਹਿਲ ਵਿੱਚ ਸੀ। 6ਮਾਰਦਕਈ ਯਰੂਸ਼ਲਮ ਤੋਂ ਨਬੂਕਦਨੱਸਰ
ਦੁਆਰਾ, ਜੋ ਕਿ ਬਾਬਲ ਦਾ ਪਾਤਸ਼ਾਹ ਸੀ, ਬੰਦੀ ਬਣਾਕੇ
ਲਿਜਾਇਆ ਗਿਆ ਸੀ। ਪਾਤਸ਼ਾਹ ਨੇ ਮਾਰਦਕਈ ਅਤੇ ਯਹੂਦਾਹ
ਦੇ ਰਾਜੇ, ਯੇਹੋਇਆਚਿਨ ਨੂੰ ਕੈਦੀਆਂ ਦੇ ਇੱਕ ਸਮੂਹ ਸਮੇਤ
ਬੰਦੀ ਬਣਾ ਲਿਆ ਸੀ। 7ਮਾਰਦਕਈ ਦੀ ਇੱਕ ਚਾਚੇ ਦੀ ਕੁੜੀ
ਸੀ ਜਿਸ ਦਾ ਨਾਂਉ ਹਦੱਸਾਹ ਸੀ। ਉਹ ਅਨਾਥ ਸੀ, ਜਿਸ ਕਾਰਣ
ਉਸ ਦੀ ਦੇਖ ਭਾਲ ਮਾਰਦਕਈ ਕਰਦਾ ਸੀ। ਉਸਦੇ ਮਾਂ ਬਾਪ
ਦੀ ਮੌਤ ਤੋਂ ਬਾਅਦ ਮਾਰਦਕਈ ਨੇ ਉਸਨੂੰ ਆਪਣੀ ਧਰਮ ਦੀ
ਧੀ ਬਣਾਇਆ। ਹਦੱਸਾਹ ਦਾ ਦੂਜਾ ਨਾਂਉ ਅਸਤਰ ਸੀ। ਅਸਤਰ
ਵੇਖਣ ਵਿੱਚ ਵੀ ਬੜੀ ਸੋਹਣੀ-ਸੁਨੱਖੀ ਸੀ।

8ਜਦੋਂ ਪਾਤਸ਼ਾਹ ਦੇ ਹੁਕਮ ਦੀ ਸੁਣਵਾਈ ਹੋ ਗਈ, ਤਾਂ ਬਹੁਤ
ਸਾਰੀਆਂ ਕੁੜੀਆਂ ਸ਼ੂਸ਼ਨ ਜਿਲ੍ਹੇ ਦੇ ਮਹਿਲ ਵਿੱਚ ਲਿਆਈਆਂ
ਗਈਆਂ। ਇਨ੍ਹਾਂ ਕੁੜੀਆਂ ਨੂੰ ਹੇਗਈ ਦੀ ਦੇਖ ਰੇਖ ਵਿੱਚ ਰੱਖਿਆ
ਗਿਆ। ਅਸਤਰ ਵੀ ਉਨ੍ਹਾਂ ਕੁੜੀਆਂ ਵਿੱਚੋਂ ਇੱਕ ਸੀ। ਉਸ ਨੂੰ
ਪਾਤਸ਼ਾਹ ਦੇ ਮਹਿਲ ਵਿੱਚ ਲਿਜਾਕੇ ਹੇਗਈ ਦੀ ਦੇਖ ਰੇਖ ਵਿੱਚ
ਰੱਖਿਆ ਗਿਆ। ਹੇਗਈ ਪਾਤਸ਼ਾਹ ਦੇ ਜ਼ਨਾਨਖਾਨੇ ਦਾ ਸਰਪ੍ਰਸਤ
ਸੀ। 9ਹੇਗਈ ਨੂੰ ਅਸਤਰ ਪਸੰਦ ਆਈ ਤੇ ਉਸਦੀ ਚਹੇਤੀ ਬਣੀ
ਇਸ ਲਈ ਹੇਗਈ ਨੇ ਉਸਦੀ ਸੁੰਦਰਤਾ ਵਧਾਉਣ ਲਈ ਖਾਸ
ਉਪਚਾਰ ਕੀਤੇ ਅਤੇ ਉਸਨੂੰ ਵਧੀਆ ਭੋਜਨ ਖਾਣ ਨੂੰ ਦਿੱਤੇ।
ਹੇਗਈ ਨੇ ਪਾਤਸ਼ਾਹ ਦੇ ਮਹਿਲ ਵਿੱਚੋਂ ਅਸਤਰ ਲਈ ਸੱਤ ਗੋਲੀਆਂ
ਚੁਣੀਆਂ। ਫਿਰ ਹੇਗਈ ਨੇ ਅਸਤਰ ਅਤੇ ਉਸ ਦੀਆਂ ਸੱਤ ਦਾਸੀਆਂ
ਨੂੰ ਪਾਤਸ਼ਾਹ ਦੇ ਜਨਾਨਖਾਨੇ ਸਭ ਤੋਂ ਵਧੀਆ ਥਾਂ ਉੱਤੇ
ਠਹਿਰਾਇਆ। 10ਅਸਤਰ ਨੇ ਕਿਸੇ ਨੂੰ ਇਹ ਨਾ ਦੱਸਿਆ ਕਿ
ਉਹ ਯਹੂਦਣ ਹੈ। ਉਸਨੇ ਕਿਸੇ ਨੂੰ ਆਪਣੇ ਖਾਨਦਾਨ ਦੇ ਪਿਛੋਕੜ
ਬਾਰੇ ਨਾ ਦੱਸਿਆ, ਕਿਉਂ ਕਿ ਮਾਰਦਕਈ ਨੇ ਉਸਨੂੰ ਦੱਸਣੋ
ਮਨ੍ਹਾਂ ਕੀਤਾ ਸੀ। 11ਅਤੇ ਮਾਰਦਕਈ ਹਰ ਰੋਜ਼ ਜਨਾਨਖਾਨੇ ਦੇ
ਵਿਹੜੇ ਵਿੱਚ ਫਿਰਦਾ ਰਹਿੰਦਾ ਤਾਂ ਕਿ ਉਹ ਅਸਤਰ ਦੀ ਸੁਖ
ਸਾਂਦ ਬਾਰੇ ਜਾਣਦਾ ਰਹੇ।

12ਹੁਣ ਕਿਸੇ ਵੀ ਕੁੜੀ ਦੇ ਪਾਤਸ਼ਾਹ ਅਹਸ਼ਵੇਰੋਸ਼ ਦੇ ਕੋਲ
ਜਾਣ ਦੀ ਵਾਰੀ ਆਉਣ ਤੋਂ ਪਹਿਲਾਂ, ਉਸ ਲਈ ਇਨ੍ਹਾਂ ਰਾਹੀਂ
ਗੁਜ਼ਰਨਾ ਜ਼ਰੂਰੀ ਸੀ: ਪਹਿਲਾਂ ਉਸ ਨੂੰ ਖੂਬਸੂਰਤੀ ਦੇ ਉਪਚਾਰ
ਦੇ ਬਾਰ੍ਹਾਂ ਮਹੀਨਿਆਂ ਨੂੰ ਪੂਰਾ ਕਰਨਾ ਪੈਂਦਾ ਸੀ। ਇਸ ਸਮੇਂ
ਦੌਰਾਨ, ਛੇ ਮਹੀਨੇ ਮੁਰ ਦੇ ਤੇਲ ਨਾਲ ਅਤੇ ਅਗਲੇ ਛੇ ਮਹੀਨੇ
ਉਸ ਦਾ ਵੱਖੋ-ਵੱਖਰੇ ਅਤਰਾਂ ਅਤੇ ਵਟਣਿਆਂ ਆਦਿ ਨਾਲ
ਉਪਚਾਰ ਕੀਤਾ ਜਾਂਦਾ ਸੀ। 13ਇਉਂ ਇਸ ਸਾਰੀ ਪ੍ਰਕਿਰਿਆ ਤੋਂ
ਬਾਅਦ ਇੱਕ ਕੁੜੀ ਪਾਤਸ਼ਾਹ ਦੇ ਸਾਮ੍ਹਣੇ ਜਾਂਦੀ ਸੀ। ਉਸਨੂੰ
ਸਭ ਕੁਝ ਉਸ ਜਨਾਨਖਾਨੇ ਚੋਂ ਮੁਹੱਈਆ ਕਰਵਾਇਆ ਜਾਂਦਾ।
ਜਿਸਦੀ ਉਸਨੂੰ ਲੋੜ ਹੁੰਦੀ ਸੀ। 14ਸ਼ਾਮ ਵੇਲੇ, ਕੁੜੀ ਪਾਤਸ਼ਾਹ
ਦੇ ਮਹਿਲ ਵਿੱਚ ਜਾਂਦੀ ਅਤੇ ਸਵੇਰ ਹੋਣ ਤੇ ਜਨਾਨਖਾਨੇ ਵਿੱਚ
ਪਰਤ ਆਉਂਦੀ। ਬਾਅਦ ਵਿੱਚ ਉਸ ਕੁੜੀ ਨੂੰ ਪਾਤਸ਼ਾਹ ਦੇ
ਖੁਸਰੇ ਸੁਅਸ਼ਗਜ ਦੇ ਹਵਾਲੇ ਕਰ ਦਿੱਤਾ ਜਾਂਦਾ ਜਿਹੜਾ ਕਿ
ਇਨ੍ਹਾਂ ਸੁਰੀਤਾਂ ਦਾ ਰਾਖਾ ਸੀ। ਤਦ ਉਹ ਕੁੜੀ ਉਦੋਂ ਤੱਕ ਮੁੜ
ਪਾਤਸ਼ਾਹ ਦੇ ਸਾਮ੍ਹਣੇ ਨਾ ਜਾਂਦੀ ਜਿੰਨਾ ਚਿਰ ਉਹ ਉਸ ਦੀ
ਇੱਛਾ ਨਾ ਕਰਦਾ। ਜੇਕਰ ਉਹ ਉਸ ਤੋਂ ਪ੍ਰਸੰਨ ਹੁੰਦਾ ਤਾਂ ਪਾਤਸ਼ਾਹ
ਉਸਦਾ ਨਾਉਂ ਲੈਕੇ ਮੁੜ ਆਪਣੇ ਮਹਿਲੀਂ ਬੁਲਾਉਂਦਾ।

15ਜਦੋਂ ਅਸਤਰ ਦੀ ਪਾਤਸ਼ਾਹ ਕੋਲ ਜਾਣ ਦੀ ਵਾਰੀ ਆਈ,
ਤਾਂ ਉਸਨੇ ਕੋਈ ਮੰਗ ਨਾ ਕੀਤੀ (ਅਸਤਰ ਮਾਰਦਕਈ ਦੇ ਚਾਚੇ
ਅਬੀਹਯਿਲ ਦੀ ਧੀ ਸੀ, ਜਿਸ ਨੇ ਉਸ ਨੂੰ ਗੋਦ ਲਿਆ ਸੀ।)
ਪਾਤਸ਼ਾਹ ਕੋਲ ਜਾਣ ਤੋਂ ਪਹਿਲਾਂ, ਉਸਨੇ ਕਿਸੇ ਵੀ ਚੀਜ਼ ਦੀ

ਮੰਗ ਨਹੀਂ ਕੀਤੀ। ਉਸਨੇ ਸਿਰਫ਼ ਹੇਗਈ ਦੀ ਸਲਾਹ ਹੀ ਲਈ, ਜੋ ਕਿ ਜਨਾਨੀਆਂ ਦਾ ਸਰਪ੍ਰਸਤ ਸੀ, ਕਿ ਉਸ ਲਈ ਕੀ ਲੈਣਾ ਠੀਕ ਰਹੇਗਾ। ਜਿਹੜਾ ਵੀ ਅਸਤਰ ਵੱਲ ਵੇਖ ਦਾ ਉਸਨੂੰ ਪਸੰਦ ਕਰਦਾ। **16**ਇਉਂ ਅਸਤਰ ਨੂੰ ਪਾਤਸ਼ਾਹ ਅਹਸ਼ਵੇਰੋਸ਼ ਕੋਲ ਲਿਜਾਇਆ ਗਿਆ। ਇਹ ਉਸਦੇ ਰਾਜ ਦੇ ਸੱਤਵੇਂ ਵਰ੍ਹੇ ਦੇ ਦਸਵੇਂ ਮਹੀਨੇ ਟੇਬੇਥ ਦਾ ਮਹੀਨਾ ਸੀ ਜਦੋਂ ਅਸਤਰ ਉਸਦੇ ਮਹਿਲੀਂ ਪਹੁੰਚੀ।

**17**ਪਾਤਸ਼ਾਹ ਨੂੰ ਸਾਰੀਆਂ ਕੁੜੀਆਂ ਵਿੱਚੋਂ ਅਸਤਰ ਸਭ ਤੋਂ ਵੱਧ ਪਿਆਰੀ ਲੱਗੀ ਤੇ ਉਹ ਉਸਦੀ ਮਨਪਸੰਦ ਦੀ ਸੀ। ਇਸ ਲਈ ਪਾਤਸ਼ਾਹ ਨੇ ਉਸਦੇ ਸਿਰ ਤੇ ਤਾਜ ਪੁਆ ਕੇ ਵਸ਼ਤੀ ਦੀ ਥਾਵੇਂ ਉਸਨੂੰ ਆਪਣੀ ਮਹਾਰਾਣੀ ਬਣਾਇਆ। **18**ਫ਼ੇਰ ਪਾਤਸ਼ਾਹ ਨੇ ਅਸਤਰ ਲਈ ਇੱਕ ਵੱਡੀ ਦਾਅਵਤ ਦਿੱਤੀ, ਜੋ ਕਿ ਉਸ ਦੇ ਖਾਸ ਮਹੱਤਵਪੂਰਣ ਲੋਕਾਂ ਅਤੇ ਆਗੂਆਂ ਲਈ ਸੀ। ਉਸ ਦਿਨ, ਉਸ ਨੇ ਸਾਰੇ ਸੂਬਿਆਂ ਵਿੱਚ ਛੁੱਟੀ ਘੋਸ਼ਿਤ ਕੀਤੀ। ਕਿਉਂ ਕਿ ਉਹ ਦਿਆਲੂ ਪਾਤਸ਼ਾਹ ਸੀ ਇਸ ਲਈ ਉਸ ਨੇ ਸਾਰੇ ਲੋਕਾਂ ਵਿੱਚ ਤੋਹਫੇ ਵੰਡੇ।

### ਮਾਰਦਕਈ ਨੂੰ ਭੈੜੀ ਵਿਉਂਤ ਦਾ ਪਤਾ ਲੱਗਣਾ

**19**ਜਦ ਦੂਜੀ ਵਾਰ ਕੁਆਰੀਆਂ ਕੁੜੀਆਂ ਇਕੱਠੀਆਂ ਕੀਤੀਆਂ ਗਈਆਂ ਤਾਂ ਮਾਰਦਕਈ ਸ਼ਾਹੀ ਫਾਟਕ ਦੇ ਕੋਲ ਹੀ ਬੈਠਾ ਸੀ। **20**ਅਸਤਰ ਨੇ ਆਪਣੇ ਯਹੂਦੀ ਹੋਣ ਦਾ ਭੇਤ ਅਜੇ ਤਾਈਂ ਗੁਪਤ ਰੱਖਿਆ ਹੋਇਆ ਸੀ ਤੇ ਨਾ ਹੀ ਉਸਨੇ ਆਪਣੇ ਖਾਨਦਾਨ ਦੇ ਪਿਛੋਕੜ ਬਾਰੇ ਕਿਸੇ ਨੂੰ ਦੱਸਿਆ ਸੀ ਜਿਵੇਂ ਕਿ ਮਾਰਦਕਈ ਨੇ ਉਸਨੂੰ ਹੁਕਮ ਦਿੱਤਾ ਹੋਇਆ ਸੀ। ਉਹ ਅਜੇ ਵੀ ਮਾਰਦਕਈ ਨੂੰ ਓਵੇਂ ਹੀ ਮੰਨਦੀ ਸੀ ਜਿਵੇਂ ਕਿ ਪਹਿਲਾਂ ਜਦੋਂ ਉਹ ਉਸਦੀ ਦੇਖ ਭਾਲ ਕਰਦਾ ਹੁੰਦਾ ਸੀ। **21**ਉਸ ਵਕਤ ਜਦੋਂ ਮਾਰਦਕਈ ਪਾਤਾਸ਼ਾਹ ਦੇ ਫਾਟਕ ਕੋਲ ਬੈਠਾ ਹੋਇਆ ਸੀ, ਪਾਤਸ਼ਾਹ ਦੇ ਦੋ ਖੁਸਰਿਆਂ ਬਿਗਥਨਾ ਅਤੇ ਤਰਸ਼ ਨੇ, ਜੋ ਕਿ ਦਰਵਾਜ਼ੇ ਦੀ ਪਹਿਰੇਦਾਰੀ ਕਰਦੇ ਸਨ, ਪਾਤਸ਼ਾਹ ਅਹਸ਼ਵੇਰੋਸ਼ ਨਾਲ ਨਾਰਾਜ਼ ਹੋਕੇ, ਉਸ ਨੂੰ ਮਾਰਨ ਦੀ ਵਿਉਂਤ ਬਣਾਈ। **22**ਪਰ ਮਾਰਦਕਈ ਨੂੰ ਉਨ੍ਹਾਂ ਦੀ ਭੈੜੀ ਨੀਅਤ ਦਾ ਪਤਾ ਚੱਲ ਗਿਆ ਤੇ ਉਸਨੇ ਇਹ ਖਬਰ ਅਸਤਰ ਨੂੰ ਜਾਕੇ ਦੇ ਦਿੱਤੀ। ਤਾਂ ਅਸਤਰ ਰਾਣੀ ਨੇ ਇਹ ਗੱਲ ਜਾ ਕੇ ਪਾਤਸ਼ਾਹ ਨੂੰ ਆਖੀ ਤੇ ਉਸਨੇ ਇਹ ਵੀ ਜਾਕੇ ਦੱਸਿਆ ਕਿ ਇਸ ਬੁਰੀ ਖਬਰ ਦੀ ਸੂਹ ਦਾ ਪਤਾ ਮਾਰਦਕਈ ਨੇ ਹੀ ਲਗਾਇਆ ਹੈ। **23**ਫਿਰ ਇਸ ਬਦ ਵਿਉਂਤ ਦੀ ਜਾਂਚ ਪੜਤਾਲ ਹੋਈ ਅਤੇ ਇਹ ਖਬਰ ਸੱਚ ਨਿਕਲੀ। ਇਸ ਲਈ ਇਹ ਪਹਿਰੇਦਾਰ ਇੱਕ ਦੂਖਤ ਤੇ ਫ਼ਾਂਸੀ ਚੜ੍ਹਾਏ ਗਏ। ਇਹ ਸਾਰੀਆਂ ਗੱਲਾਂ ਪਾਤਸ਼ਾਹ ਦੀ ਹਾਜ਼ਰੀ ਵਿੱਚ, ਵਾਪਰੀਆ ਅਤੇ ਪਾਤਸ਼ਾਹਾਂ ਦੇ ਇਤਹਾਸ ਦੀ ਪੋਥੀ ਵਿੱਚ ਲਿਖੀਆਂ ਗਈਆਂ।

### ਹਾਮਾਨ ਦੀ ਯਹੂਦੀਆਂ ਨੂੰ ਤਬਾਹ ਕਰਨ ਦੀ ਯੋਜਨਾ

**3** ਇਨ੍ਹਾਂ ਘਟਨਾਵਾਂ ਦੇ ਉਪਰੰਤ ਪਾਤਸ਼ਾਹ ਅਹਸ਼ਵੇਰੋਸ਼ ਨੇ ਹਾਮਾਨ, ਅਗਾਗੀ ਹਮਦਾਥਾ ਦੇ ਪੁੱਤਰ ਨੂੰ ਸਨਮਾਨਿਤ ਕੀਤਾ। ਪਾਤਸ਼ਾਹ ਨੇ ਉਸ ਨੂੰ ਸਾਰੇ ਆਗੂਆਂ ਨਾਲੋਂ ਉਚੇਰਾ ਰੁਤਬਾ ਦਿੱਤਾ। **2**ਪਾਤਸ਼ਾਹੀ ਫਾਟਕ ਤੇ ਪਾਤਸ਼ਾਹ ਦੇ ਸਾਰੇ ਨੌਕਰ ਹੁਣ ਹਾਮਾਨ ਨੂੰ ਝੁੱਕ ਕੇ ਸਲਾਮ ਕਰਦੇ ਤੇ ਸਨਮਾਨ ਦਿੰਦੇ ਕਿਉਂ ਕਿ ਪਾਤਸ਼ਾਹ ਨੇ ਉਨ੍ਹਾਂ ਨੂੰ ਇਹ ਆਦੇਸ਼ ਦਿੱਤੇ ਸਨ। ਪਰ ਮਾਰਦਕਈ ਨੇ ਝੁਕ ਕੇ ਹਾਮਾਨ ਨੂੰ ਆਦਰ ਦੇਣ ਤੋਂ ਇਨਕਾਰ ਕਰ ਦਿੱਤਾ। **3**ਤਾਂ ਸ਼ਾਹੀ ਫ਼ਾਟਕ ਤੇ ਪਾਤਸ਼ਾਹ ਦੇ ਬਾਕੀ ਸਾਰੇ ਨੌਕਰਾਂ ਨੇ ਮਾਰਦਕਈ ਨੂੰ ਪੁੱਛਿਆ, "ਤੂੰ ਪਾਤਸ਼ਾਹ ਦੇ ਹੁਕਮਾਂ ਨੂੰ ਮੰਨ ਕੇ ਹਾਮਾਨ ਦੇ ਅੱਗੇ ਕਿਉਂ ਨਹੀਂ ਝੁਕਦਾ?"

**4**ਉਹ ਹਰ ਰੋਜ਼ ਉਸਨੂੰ ਇਸ ਬਾਰੇ ਪੁੱਛਦੇ ਰਹੇ ਤੇ ਉਹ ਹਰ ਰੋਜ਼ ਹੁਕਮ ਮੰਨਣ ਤੋਂ ਇਨਕਾਰ ਕਰਦਾ ਰਿਹਾ। ਤਾਂ ਉਨ੍ਹਾਂ ਆਗੂਆਂ ਨੇ ਇਹ ਗੱਲ ਹਾਮਾਨ ਨੂੰ ਕਹੀ। ਉਹ ਵੇਖਣਾ ਚਾਹੁੰਦੇ ਸਨ ਕਿ ਹੁਣ ਹਾਮਾਨ ਮਾਰਦਕਈ ਨਾਲ ਕੀ ਸਲੂਕ ਕਰੇਗਾ, ਕਿਉਂ ਕਿ ਮਾਰਦਕਈ ਨੇ ਉਨ੍ਹਾਂ ਆਗੂਆਂ ਨੂੰ ਦੱਸਿਆ ਸੀ ਕਿ ਉਹ ਯਹੂਦੀ ਹੈ। **5**ਜਦੋਂ ਹਾਮਾਨ ਨੇ ਵੇਖਿਆ ਕਿ ਮਾਰਦਕਈ ਨੇ ਉਸ ਅੱਗੇ ਝੁਕ ਕੇ ਉਸ ਨੂੰ ਇੱਜ਼ਤ ਨਹੀਂ ਦਿੱਤੀ, ਉਸ ਨੂੰ ਬੜਾ ਗੁੱਸਾ ਆਇਆ। **6**ਹਾਮਾਨ ਨੂੰ ਪਤਾ ਲੱਗ ਚੁੱਕਾ ਸੀ ਕਿ ਉਹ ਯਹੂਦੀ ਹੈ। ਉਹ ਕੇਵਲ ਮਾਰਦਕਈ ਨੂੰ ਹੀ ਮਾਰਕੇ ਖਤਮ ਨਹੀਂ ਸੀ ਕਰਨਾ ਚਾਹੁੰਦਾ ਪਰ ਉਹ ਮਾਰਦਕਈ ਦੇ ਸਾਰੇ ਲੋਕਾਂ, ਯਹੂਦੀਆਂ ਨੂੰ ਅਹਸ਼ਵੇਰੋਸ਼ ਦੇ ਸਾਰੇ ਰਾਜ ਵਿੱਚੋਂ ਤਬਾਹ ਕਰਨਾ ਚਾਹੁੰਦਾ ਸੀ।

**7**ਪਾਤਸ਼ਾਹ ਅਹਸ਼ਵੇਰੋਸ਼ ਦੇ ਰਾਜ ਦੇ ਬਾਰ੍ਹਵੇਂ ਵਰ੍ਹੇ ਦੇ ਪਹਿਲੇ ਮਹੀਨੇ ਵਿੱਚ, ਜੋ ਨੀਸਾਨ ਦਾ ਮਹੀਨਾ ਵੀ ਹੈ, ਉਨ੍ਹਾਂ ਨੇ ਇੱਕ ਖਾਸ ਦਿਨ ਅਤੇ ਮਹੀਨੇ ਦੀ ਚੋਣ ਕਰਨ ਦੇ ਉਦੇਸ਼ ਨਾਲ ਹਾਮਾਨ ਦੀ ਹਾਜ਼ਰੀ ਵਿੱਚ ਗੁਣੇ ਸੁੱਟੇ। ਬਾਰ੍ਹਵਾਂ ਮਹੀਨਾ, ਅਦਾਰ ਦਾ ਮਹੀਨਾ, ਚੁਣਿਆ ਗਿਆ ਸੀ। (ਉਨ੍ਹਾਂ ਦਿਨਾਂ ਵਿੱਚ, ਗੁਣੇ 'ਪੂਰ' ਕਹਿਲਾਉਂਦੇ ਸਨ।) **8**ਤੱਦ ਹਾਮਾਨ ਨੇ ਅਹਸ਼ਵੇਰੋਸ਼ ਪਾਤਸ਼ਾਹ ਕੋਲ ਆ ਕੇ ਆਖਿਆ, "ਹੇ ਪਾਤਸਾਹ ਅਹਸ਼ਵੇਰੋਸ਼, ਤੇਰੇ ਰਾਜ ਦੇ ਸਾਰੇ ਸੂਬਿਆਂ ਵਿੱਚ, ਇੱਕ ਉੱਮਤ ਸਾਰੇ ਲੋਕਾਂ ਵਿੱਚ ਖਿਲਰੀ ਅਤੇ ਫੈਲੀ ਹੋਈ ਹੈ। ਉਨ੍ਹਾਂ ਲੋਕਾਂ ਦੀਆਂ ਰੀਤਾਂ ਬਾਕੀ ਲੋਕਾਂ ਨਾਲੋਂ ਵੱਖਰੀਆਂ ਹਨ। ਇਹ ਲੋਕ ਰਾਜੇ ਦੇ ਕਨੂੰਨਾਂ ਨੂੰ ਵੀ ਨਹੀਂ ਮੰਨਦੇ ਸੋ ਇਹ ਪਾਤਸ਼ਾਹ ਲਈ ਲਾਭਵੰਦ ਨਹੀਂ ਕਿ ਅਜਿਹੇ ਲੋਕ ਤੁਹਾਡੇ ਰਾਜ ਵਿੱਚ ਨਿਵਾਸ ਕਰਨ।

**9**"ਜੇਕਰ ਪਾਤਸ਼ਾਹ ਨੂੰ ਚੰਗਾ ਲੱਗੇ ਤਾਂ ਮੈਂ ਇੱਕ ਸੁਝਾਵ ਦੇਵਾਂ: ਇਨ੍ਹਾਂ ਲੋਕਾਂ ਨੂੰ ਖਤਮ ਕਰਨ ਦੇ ਆਦੇਸ਼ ਦੇਵੋ ਅਤੇ ਮੈਂ ਖਜ਼ਾਨੇ ਦੇ ਇੰਚਾਰਜਾਂ ਨੂੰ ਸ਼ਾਹੀ ਖਜਾਨੇ ਵਿੱਚ ਪਾਉਣ ਲਈ ਚਾਂਦੀ ਦੇ 10,000 ਸਿੱਕੇ ਦੇਵਾਂਗਾ। * "

**10**ਇਸ ਲਈ ਪਾਤਸ਼ਾਹ ਨੇ ਆਪਣੀ ਸਰਕਾਰੀ ਮੋਹਰ ਵਾਲੀ ਮੁੰਦਰੀ ਆਪਣੇ ਹੱਥੋਂ ਲਾਹੀ ਅਤੇ ਯਹੂਦੀਆਂ ਦੇ ਵੈਰੀ, ਅਗਾਗੀ ਹਮਦਾਥਾ ਦੇ ਪੁੱਤਰ ਹਾਮਾਨ ਨੂੰ ਦੇ ਦਿੱਤੀ। **11**ਤੱਦ ਪਾਤਸ਼ਾਹ ਨੇ ਹਾਮਾਨ ਨੂੰ ਕਿਹਾ, "ਪੈਸੇ ਰੱਖ ਅਤੇ ਜਿਵੇਂ ਤੂੰ ਚਾਹੇਂ ਇਨ੍ਹਾਂ ਲੋਕਾਂ ਨਾਲ ਕਰੀਂ।"

**12**ਤਾਂ ਪਾਤਸ਼ਾਹ ਦੇ ਸੱਕਤਰ ਪਹਿਲੇ ਮਹੀਨੇ ਦੀ ਤੇਰ੍ਹਵੀਂ ਤਾਰੀਖ ਨੂੰ ਬੁਲਾਏ ਗਏ। ਉਨ੍ਹਾਂ ਨੇ ਹਰ ਸੂਬੇ ਦੀ ਬੋਲੀ ਵਿੱਚ ਹਾਮਾਨ ਦੇ

---

**ਜੇਕਰ ਪਾਤਸ਼ਾਹ ... ਸਿੱਕੇ ਦੇਵਾਂਗਾ** ਹਾਮਾਨ ਨੇ ਪੈਸਿਆਂ ਦੀ ਇੱਡੀ ਵੱਡੀ ਰਕਮ ਉਨ੍ਹਾਂ ਯਹੂਦੀਆਂ ਦੀਆਂ ਜਾਇਦਾਦਾਂ ਲੁੱਟ ਕੇ ਹਾਸਿਲ ਕਰਨ ਦੀ ਉਮੀਦ ਕੀਤੀ ਹੋਵੇਗੀ ਜੋ ਮਾਰੇ ਜਾਣ ਵਾਲੇ ਸਨ।

ਆਦੇਸ਼ ਨੂੰ ਲਿਖਿਆ। ਉਨ੍ਹਾਂ ਨੇ ਸਾਰੇ ਲੋਕਾਂ ਦੀ ਬੋਲੀ ਵਿੱਚ ਉਨ੍ਹਾਂ ਆਦੇਸ਼ਾਂ ਨੂੰ ਲਿਖਿਆ। ਉਨ੍ਹਾਂ ਨੇ ਪਾਤਸ਼ਾਹ ਦੇ ਆਗੂਆਂ, ਸੂਬਿਆਂ ਦੇ ਰਾਜਪਾਲਾਂ ਅਤੇ ਲੋਕਾਂ ਦੇ ਵੱਖ-ਵੱਖ ਟੋਲਿਆਂ ਦੇ ਆਗੂਆਂ ਨੂੰ ਵੀ ਲਿਖਿਆ। ਉਨ੍ਹਾਂ ਨੇ ਇਹ ਪਾਤਸ਼ਾਹ ਦੇ ਅਧਿਕਾਰ ਨਾਲ ਲਿਖਿਆ ਅਤੇ ਇਸ ਉੱਤੇ ਪਾਤਸ਼ਾਹ ਦੀ ਮੋਹਰ ਵਾਲੀ ਮੁੰਦਰੀ ਦੀ ਛਾਪ ਲਾ ਦਿੱਤੀ।

13ਉਹ ਚਿੱਠੀਆਂ ਸ਼ੰਦੇਸ਼ਵਾਹਕਾਂ ਰਾਹੀਂ ਪਾਤਸ਼ਾਹ ਦੇ ਸਾਰੇ ਸੂਬਿਆਂ ਵਿੱਚ ਭੇਜੀਆਂ ਗਈਆਂ ਜੋ ਕਿ ਯਹੂਦੀਆਂ ਨੂੰ ਮਾਰਨ, ਵੱਢਣ, ਤੇ ਪੂਰਨ ਤੌਰ ਤੇ ਤਬਾਹ ਕਰਨ ਦੇ ਹੁਕਮ ਸਨ। ਇਸ ਵਿੱਚ ਜਵਾਨ ਅਤੇ ਬੁੱਢੇ ਲੋਕਾਂ ਨੂੰ, ਬੱਚਿਆਂ, ਜੁਆਕਾਂ ਅਤੇ ਔਰਤਾਂ ਸਭਨਾਂ ਨੂੰ ਇੱਕੋ ਹੀ ਦਿਨ ਵਿੱਚ ਖ਼ਤਮ ਕਰਨ ਦਾ ਆਦੇਸ਼ ਸੀ। ਉਹ ਦਿਨ ਆਦਰ ਮਹੀਨੇ ਦੇ, ਕਿ ਬਾਰ੍ਹਵੇ ਮਹੀਨੇ ਬਾਰ੍ਹਵੇਂ ਦਿਨ ਤੇ ਆਇਆ, ਅਤੇ ਇਸ ਦਿਨ ਨੂੰ ਇਹ ਹੁਕਮ ਹੋਇਆ ਕਿ ਯਹੂਦੀਆਂ ਦਾ ਸਭ ਕੁਝ ਧੰਨ-ਮਾਲ ਲੁੱਟ ਲਿੱਤਾ ਜਾਵੇ।

14ਇਸ ਆਦੇਸ਼ ਦੀ ਇੱਕ ਨਕਲ ਕਨੂੰਨ ਵਜੋਂ ਸਾਰੇ ਪ੍ਰਾਂਤਾਂ ਲਈ ਸੂਬੇ ਵਿਚਲੇ ਸਾਰੇ ਲੋਕਾਂ ਦਰਮਿਆਨ ਐਲਾਨ ਕਰਾਉਣ ਲਈ ਦਿੱਤੀ ਗਈ, ਤਾਂ ਜੋ ਸਾਰੇ ਲੋਕ ਉਸ ਦਿਨ ਲਈ ਤਿਆਰ ਰਹਿਣ। 15ਪਾਤਸ਼ਾਹ ਦੇ ਹੁਕਮ ਮੁਤਾਬਕ ਸੰਦੇਸ਼ਵਕ ਨੇ ਬੜੀ ਫੁਰਤੀ ਨਾਲ ਕੰਮ ਕੀਤਾ। ਇਹ ਹੁਕਮ ਸ਼ੂਸ਼ਨ ਜਿਲ੍ਹੇ ਦੇ ਮਹਿਲ ਵਿੱਚ ਵੀ ਦਿੱਤਾ ਗਿਆ। ਪਾਤਸ਼ਾਹ ਅਤੇ ਹਾਮਾਨ ਪੀਣ ਲਈ ਬੈਠ ਗਏ ਪਰ ਸ਼ੂਸ਼ਨ ਸ਼ਹਿਰ ਦੇ ਲੋਕ ਉਲਝਨ ਵਿੱਚ ਸਨ। *

## ਮਾਰਦਕਈ ਦੀ ਅਸਤਰ ਅੱਗੇ ਫਰਿਆਦ

4 ਮਾਰਦਕਈ ਨੇ ਇਨ੍ਹਾਂ ਸਾਰੀਆਂ ਗੱਲਾਂ ਬਾਰੇ ਸੁਣਿਆ, ਅਤੇ ਜਦੋਂ ਉਸਨੂੰ ਪਾਤਸ਼ਾਹ ਦੇ ਯਹੂਦੀਆਂ ਵਿਰੁੱਧ ਹੁਕਮ ਬਾਰੇ ਪਤਾ ਲੱਗਾ ਤਾਂ ਮਾਰਦਕਈ ਨੇ ਆਪਣੇ ਵਸਤਰ ਪਾੜ ਲਏ। ਉਸਨੇ ਉਦਾਸੀ ਦੇ ਵਸਤਰ ਧਾਰਨ ਕਰਕੇ ਸਿਰ ਤੇ ਸੁਆਹ ਪਾ ਲਈ। ਫ਼ਿਰ ਉਹ ਉੱਚੀ-ਉੱਚੀ ਰੋਂਦਾ ਹੋਇਆ ਸ਼ਹਿਰ ਅੰਦਰ ਚਲਾ ਗਿਆ।

2ਪਰ ਉਹ ਪਾਤਸ਼ਾਹ ਦੇ ਫਾਟਕ ਤੀਕ ਹੀ ਜਾ ਸਕਿਆ ਕਿਉਂ ਕਿ ਕੋਈ ਵੀ ਮਨੁੱਖ ਉਦਾਸੀ ਦੇ ਕੱਪੜੇ ਧਾਰਨ ਕਰਕੇ ਉਸ ਫਾਟਕ ਅੰਦਰ ਦਾਖਲ ਨਹੀਂ ਸੀ ਹੋ ਸਕਦਾ। 3ਹਰ ਸੂਬੇ ਵਿੱਚ ਜਿੱਥੇ ਪਾਤਸ਼ਾਹ ਦਾ ਆਦੇਸ਼ ਪਹੁੰਚਿਆ, ਓਥੇ ਯਹੂਦੀਆਂ ਦਰਮਿਆਨ ਰੋਣਾ ਅਤੇ ਉਦਾਸੀ ਸੀ। ਉਹ ਵਰਤ ਰੱਖ ਰਹੇ ਸਨ ਅਤੇ ਉੱਚੀ-ਉੱਚੀ ਚੀਕ ਰਹੇ ਸਨ ਅਤੇ ਬਹੁਤ ਸਾਰੇ ਯਹੂਦੀਆਂ ਨੇ ਸੋਗ ਦੇ ਬਸਤਰ ਪਾਕੇ ਆਪਣੇ ਸਿਰਾਂ ਵਿੱਚ ਸੁਆਹ ਪਾਈ ਹੋਈ ਸੀ ਅਤੇ ਜ਼ਮੀਨ ਤੇ ਲਿਟੇ ਪਏ ਸਨ।

4ਅਸਤਰ ਦੀਆਂ ਦਾਸੀਆਂ ਅਤੇ ਖੁਸਰਿਆਂ ਨੇ ਉਸ ਕੋਲ ਆ ਕੇ ਉਸ ਨੂੰ ਮਾਰਦਕਈ ਦੇ ਵਿਹਾਰ ਬਾਰੇ ਦੱਸਿਆ। ਇਸ ਗੱਲ ਨੇ ਰਾਣੀ ਨੂੰ ਬਹੁਤ ਬੇਚੈਨ ਅਤੇ ਉਦਾਸ ਕਰ ਦਿੱਤਾ। ਉਸਨੇ ਮਾਰਦਕਈ ਕੋਲ ਸੋਗ ਵਸਤਰ ਦੀ ਬਜਾਇ ਦੂਜੇ ਕੱਪੜੇ ਭੇਜੇ ਪਰ ਉਸਨੇ ਉਨ੍ਹਾਂ ਕੱਪੜਿਆਂ ਨੂੰ ਪਾਉਣ ਤੋਂ ਇਨਕਾਰ ਕਰ ਦਿੱਤਾ। 5ਤਦ ਅਸਤਰ ਨੇ ਹਥਾਕ ਨੂੰ ਸੱਦਿਆ। ਹਥਾਕ ਉਨ੍ਹਾਂ ਪਾਤਸ਼ਾਹੀ ਖੁਸਰਿਆਂ ਵਿੱਚੋਂ ਸੀ ਜਿਸ ਨੂੰ ਉਸਦੀ ਸੇਵਾ ਲਈ ਚੁਣਿਆ ਗਿਆ ਸੀ ਤਾਂ ਅਸਤਰ ਨੇ ਹਥਾਕ ਨੂੰ ਮਾਰਦਕਈ ਦੀ ਉਦਾਸੀ ਦਾ ਕਾਰਣ ਜਾਨਣ ਲਈ ਭੇਜਿਆ। 6ਤਾਂ ਹਥਾਕ ਸ਼ਹਿਰ ਦੀ ਉਸ ਥਾਵੇਂ ਪਾਤਸ਼ਾਹ ਦੇ ਫਾਟਕ ਦੇ ਸਾਮ੍ਹਣੇ ਗਿਆ ਜਿੱਥੇ ਮਾਰਦਕਈ ਖੁੱਲੀ ਜਗ੍ਹਾ ਕੋਲ ਖੜਾ ਸੀ। 7ਫਿਰ ਮਾਰਦਕਈ ਨੇ ਹਥਾਕ ਨੂੰ, ਜੋ ਕੁਝ ਵੀ ਵਾਪਰਿਆ ਸੀ ਦੱਸਿਆ। ਉਸ ਨੇ ਹਥਾਕ ਨੂੰ ਇਹ ਵੀ ਦੱਸਿਆ ਕਿ ਹਾਮਾਨ ਨੇ ਯਹੂਦੀਆਂ ਨੂੰ ਮਾਰਨ ਲਈ ਸ਼ਾਹੀ ਖਜਾਨੇ ਵਿੱਚ ਕਿੰਨੀ ਚਾਂਦੀ ਪਾਉਣ ਦਾ ਇਕਰਾਰ ਕੀਤਾ ਸੀ। 8ਮਾਰਦਕਈ ਨੇ ਹਥਾਕ ਨੂੰ ਉਸ ਖ਼ਤ ਦੀ ਇੱਕ ਨਕਲ ਵੀ ਦਿੱਤੀ, ਜਿਸ ਵਿੱਚ ਯਹੂਦੀਆਂ ਨੂੰ ਮਾਰਨ ਦਾ ਆਦੇਸ਼ ਸੀ, ਜੋ ਕਿ ਸ਼ੂਸ਼ਨ ਦੇ ਸਾਰੇ ਸ਼ਹਿਰ ਵਿੱਚ ਘੱਲਿਆ ਗਿਆ ਸੀ। ਉਹ ਚਾਹੁੰਦਾ ਸੀ ਕਿ ਹਥਾਕ ਅਸਤਰ ਨੂੰ ਇਹ ਵਿਖਾਵੇ ਅਤੇ ਉਸਨੂੰ ਜਾ ਕੇ ਸਾਰਾ ਹਾਲ ਦੱਸੇ। ਅਤੇ ਉਸਨੇ ਅਸਤਰ ਨੂੰ ਪਾਤਸ਼ਾਹ ਕੋਲ ਜਾਕੇ, ਮਾਰਦਕਈ ਅਤੇ ਆਪਣੇ ਲੋਕਾਂ ਤੇ ਤਰਸ ਕਰਨ ਦੀ ਮਿੰਨਤ ਕਰਨ ਦੀ ਹਿਦਾਇਤ ਦਿੱਤੀ।

9ਹਥਾਕ ਨੇ ਜਾਕੇ ਸਭ ਕੁਝ ਅਸਤਰ ਨੂੰ ਉਵੇਂ ਕਿਹਾ ਜਿਵੇਂ ਮਾਰਦਕਈ ਨੇ ਆਖਿਆ ਸੀ।

10ਫਿਰ ਅਸਤਰ ਨੇ ਹਥਾਕ ਨਾਲ ਗੱਲ ਕੀਤੀ ਤੇ ਮਾਰਦਕਈ ਲਈ ਇਹ ਸੁਨਿਹਾ ਭੇਜਿਆ, 11"ਮਾਰਦਕਈ ਪਾਤਸ਼ਾਹ ਦੇ ਸਾਰੇ ਆਗੂਆਂ ਅਤੇ ਉਸ ਦੇ ਸੂਬੇ ਦੇ ਸਭ ਲੋਕਾਂ ਨੂੰ ਇਸ ਗੱਲ ਦਾ ਪਤਾ ਹੈ ਕਿ ਜੋ ਕੋਈ ਵੀ ਪਾਤਸ਼ਾਹ ਦੇ ਅੰਦਰਲੇ ਵਿਹੜੇ ਦੇ ਸਿੰਘਾਸਣ ਦੇ ਕੋਲ ਬਿਨ-ਬੁਲਾਇਆਂ ਜਾਵੇ, ਭਾਵੇਂ ਉਹ ਮਰਦ ਹੋਵੇ ਭਾਵੇਂ ਔਰਤ ਉਨ੍ਹਾਂ ਲਈ ਇੱਕੋ ਹੀ ਹੁਕਮ ਹੈ ਕਿ ਉਸ ਵਿਅਕਤੀ ਨੂੰ ਜਾਨੋ ਮਾਰ ਦਿੱਤਾ ਜਾਵੇ। ਪਰ ਉਸ ਵਿਅਕਤੀ ਲਈ ਜਿਸ ਖਾਤਰ ਪਾਤਸ਼ਾਹ ਆਪਣਾ ਸੁਨਿਹਰੀ ਰਾਜ-ਦੰਡ ਫੈਲਾਵੇ – ਉਸ ਵਿਅਕਤੀ ਦੀ ਜਾਨ ਬਚ ਜਾਵੇਗੀ। 30 ਦਿਨ ਹੋ ਗਏ ਹਨ ਅਤੇ ਮੈਨੂੰ ਅੰਦਰ ਰਾਜੇ ਦੇ ਕੋਲ ਹੋਣ ਲਈ ਨਹੀਂ ਸੱਦਿਆ ਗਿਆ ਹੈ"

12-13ਤੱਦ ਅਸਤਰ ਦਾ ਸੁਨਿਹਾ ਮਾਰਦਕਈ ਨੂੰ ਦਿੱਤਾ ਗਿਆ। ਜਦੋਂ ਮਾਰਦਕਈ ਨੂੰ ਉਸਦਾ ਸੁਨਿਹਾ ਮਿਲਿਆ ਤਾਂ ਮੁੜ ਉਸਨੇ ਇਹ ਜਵਾਬ ਭੇਜਿਆ, "ਅਸਤਰ, ਇਹ ਨਾ ਸੋਚ ਕਿਉਂ ਕਿ ਤੂੰ ਪਾਤਸ਼ਾਹ ਦੇ ਮਹਿਲ ਵਿੱਚ ਹੈਂ, ਤੂੰ ਹੀ ਇੱਕ ਯਹੂਦਣ ਹੋਵੇਂਗੀ ਜੋ ਬਚ ਜਾਵੇਂਗੀ। 14ਪਰ ਜੇਕਰ ਤੂੰ ਹੁਣ ਚੁੱਪ ਕਰ ਰਹੀ, ਤੇ ਕੋਈ ਯਤਨ ਨਾ ਕੀਤਾ ਤਾਂ ਇਹ ਨਾ ਸੋਚ ਕਿ ਯਹੂਦੀਆਂ ਨੂੰ ਕਿਸੇ ਹੋਰ ਤੋਂ ਕੋਈ ਮਦਦ ਜਾਂ ਆਜ਼ਾਦੀ ਨਹੀਂ ਮਿਲੇਗੀ। ਪਰ ਤੂੰ ਅਤੇ ਤੇਰੇ ਪਿਤਾ ਦੇ ਪਰਿਵਾਰ ਦਾ ਨਾਸ ਹੋ ਜਾਵੇਗਾ ਅਤੇ ਕੀ ਪਤਾ ਕਿ ਤੂੰ ਅਜਿਹੇ ਵਕਤ ਲਈ ਹੀ ਪਾਤਸ਼ਾਹ ਤੀਕ ਪਹੁੰਚੀ ਹੋਵੇਂ?"

15-16ਤੱਦ ਅਸਤਰ ਨੇ ਫਿਰ ਆਪਣਾ ਜਵਾਬ ਮਾਰਦਕਈ ਨੂੰ ਭੇਜਿਆ, "ਮਾਰਦਕਈ! ਜਾਕੇ ਸ਼ੂਸ਼ਨ ਸ਼ਹਿਰ ਵਿੱਚੋਂ ਸਾਰੇ ਯਹੂਦੀਆਂ ਨੂੰ ਇਕੱਠਾ ਕਰ ਅਤੇ ਉਨ੍ਹਾਂ ਨੂੰ ਮੇਰੇ ਲਈ ਵਰਤ ਰੱਖਣ ਲਈ ਕਹਿ। ਪੂਰੇ ਤਿੰਨਾਂ ਦਿਨ ਅਤੇ ਤਿੰਨ ਰਾਤਾਂ ਕੁਝ ਵੀ

---

**ਪਰ ਸ਼ੂਸ਼ਨ … ਵਿੱਚ ਸਨ** **ਸ਼ੂਸ਼ਨ** ਦੇ ਸ਼ਹਿਰੀ ਯਹੂਦੀਆਂ ਦੇ ਖਿਲਾਫ਼ ਰਾਜੇ ਦਾ ਆਦੇਸ਼ ਸਮਝ ਨਾ ਸਕੇ, ਇਸ ਲਈ ਉਹ ਝਟਕੇ ਅਤੇ ਉਲਝਨ ਦੀ ਹਾਲਤ ਵਿੱਚ ਸਨ। ਸੰਭਵ ਹੈ ਉਨ੍ਹਾਂ ਦੇ ਯਹੂਦੀਆਂ ਨਾਲ ਚੰਗੇ ਸੰਬੰਧ ਸਨ।

ਖਾਣਾ ਪੀਣਾ ਨਹੀਂ। ਮੈਂ ਅਤੇ ਮੇਰੀਆਂ ਦਾਸੀਆਂ ਵੀ ਇਵੇਂ ਹੀ
ਵਰਤ ਰਖਾਂਗੀਆਂ। ਵਰਤ ਪੂਰਾ ਹੋਣ ਤੋਂ ਬਾਅਦ, ਮੈਂ ਪਾਤਸ਼ਾਹ
ਕੋਲ ਜਾਵਾਂਗੀ। ਹਾਲਾਂ ਕਿ ਮੈਂ ਜਾਣਦੀ ਹਾਂ ਕਿ ਬਿਨ ਬੁਲਾਏ
ਪਾਤਸ਼ਾਹ ਕੋਲ ਜਾਣਾ ਬਿਧੀ ਦੇ ਖਿਲਾਫ ਹੈ, ਪਰ ਫਿਰ ਵੀ ਮੈਂ
ਜਾਵਾਂਗੀ ਤੇ ਜੇਕਰ ਮੈਂ ਮਰ ਵੀ ਗਈ ਤਾਂ ਕੋਈ ਗੱਲ ਨਹੀਂ।"
17ਤਾਂ ਫਿਰ ਮਾਰਦਕਈ ਚਲਾ ਗਿਆ ਅਤੇ ਉਸਨੇ ਸਭ ਕੁਝ
ਅਸਤਰ ਦੇ ਹੁਕਮ ਮੁਤਾਬਕ ਕੀਤਾ।

## ਅਸਤਰ ਦਾ ਪਾਤਸ਼ਾਹ ਨਾਲ ਗੱਲ ਕਰਨਾ

5 ਤੀਜੇ ਦਿਨ, ਅਸਤਰ ਨੇ ਆਪਣਾ ਸ਼ਾਹੀ ਪਹਿਰਾਵਾ
ਪਾਇਆ ਅਤੇ ਜਾਕੇ ਪਾਤਸ਼ਾਹ ਦੇ ਮਹਿਲ ਦੇ ਅੰਦਰਲੇ
ਵਿਹੜੇ ਵਿੱਚ ਖੜੀ ਹੋ ਗਈ। ਇਹ ਜਗ੍ਹਾ ਰਾਜੇ ਦੇ ਦੀਵਾਨ ਖਾਨੇ
ਦੇ ਸਾਮ੍ਹਣੇ ਸੀ। ਰਾਜਾ ਦੀਵਾਨ ਖਾਨੇ ਵਿੱਚ ਪ੍ਰਵੇਸ਼ ਵੱਲ ਮੂੰਹ
ਕਰਕੇ ਆਪਣੇ ਤਖ਼ਤ ਤੇ ਬੈਠਾ ਹੋਇਆ ਸੀ। 2ਤੱਦ ਪਾਤਸ਼ਾਹ ਨੇ
ਰਾਣੀ ਅਸਤਰ ਤੂੰ ਵਿਹੜੇ ਵਿੱਚ ਖੜੀ ਵੇਖਿਆ। ਉਹ ਉਸ ਨੂੰ
ਵੇਖਕੇ ਬੜਾ ਖੁਸ਼ ਹੋਇਆ ਆਪਣਾ ਸੁਨਿਹਰੀ ਰਾਜ-ਦੰਡ* ਰਾਣੀ
ਵੱਲ ਵਧਾਇਆ, ਜੋ ਉਸਦੇ ਹੱਥ ਵਿੱਚ ਸੀ, ਫੇਰ ਰਾਣੀ ਕਮਰੇ 'ਚ
ਪ੍ਰਵੇਸ਼ ਕਰਕੇ ਪਾਤਸ਼ਾਹ ਦੇ ਕੋਲ ਚਲੀ ਗਈ ਤੇ ਉਸ ਆਸੇ ਦੀ
ਨੋਕ ਨੂੰ ਛੂਹਿਆ।
3ਪਾਤਸ਼ਾਹ ਨੇ ਪੁੱਛਿਆ, "ਰਾਣੀ ਅਸਤਰ, ਤੈਨੂੰ ਕਿਸ ਗੱਲ
ਦੀ ਚਿੰਤਾ ਹੈ? ਤੂੰ ਮੇਰੇ ਕੋਲੋਂ ਕੀ ਪੁੱਛਣਾ ਚਾਹੁੰਦੀ ਹੈ? ਤੂੰ ਜੋ ਮੇਰੇ
ਤੋਂ ਮੰਗੇ ਮੈਂ ਤੈਨੂੰ ਦੇਣ ਨੂੰ ਤਿਆਰ ਹਾਂ ਇਥੋਂ ਤੀਕ ਕਿ ਭਾਵੇਂ ਇਹ
ਮੇਰਾ ਅੱਧਾ ਰਾਜ ਵੀ ਕਿਉਂ ਨਾ ਹੋਵੇ।"
4ਅਸਤਰ ਨੇ ਕਿਹਾ, "ਮੈਂ ਤੇਰੇ ਅਤੇ ਹਾਮਾਨ ਲਈ ਇਕ ਦਾਅਵਤ
ਕੀਤੀ ਹੈ ਕੀ ਤੂੰ ਅਤੇ ਹਾਮਾਨ ਅੱਜ ਉਸ ਦਾਵਤ ਵਿੱਚ ਸ਼ਰੀਕ
ਹੋਵੋਗੇ?"
5ਫਿਰ ਪਾਤਸ਼ਾਹ ਨੇ ਕਿਹਾ, "ਹਾਮਾਨ ਨੂੰ ਜਲਦੀ ਬੁਲਾਓ ਤਾਂ
ਜੋ ਜਿਵੇਂ ਅਸਤਰ ਚਾਹੁੰਦੀ ਹੈ, ਉਵੇਂ ਕੀਤਾ ਜਾਵੇ।"
ਤਾਂ ਪਾਤਸ਼ਾਹ ਅਤੇ ਹਾਮਾਨ ਅਸਤਰ ਦੀ ਦਾਅਵਤ ਵਿੱਚ
ਸ਼ਰੀਕ ਹੋਏ ਜਿਹੜੀ ਕਿ ਅਸਤਰ ਨੇ ਉਨ੍ਹਾ ਲਈ ਦਿੱਤੀ ਸੀ।
6ਜਦੋਂ ਉਹ ਮੈਅ ਪੀ ਰਹੇ ਸਨ ਤਾਂ ਪਾਤਸ਼ਾਹ ਨੇ ਮੁੜ ਅਸਤਰ ਨੂੰ
ਪੁੱਛਿਆ, "ਅਸਤਰ ਹੁਣ ਮੰਗ ਕਿ ਤੂੰ ਕੀ ਮੰਗਣਾ ਚਾਹੁੰਦੀ ਹੈ?
ਤੂੰ ਕੁਝ ਵੀ ਮੰਗ ਲੈ ਮੈਂ ਉਹ ਤੈਨੂੰ ਦੇ ਦਿਆਂਗਾ ਸੋ ਉਹ ਕੀ ਹੈ ਜੋ
ਤੂੰ ਮੰਗਣਾ ਚਾਹੁੰਦੀ ਹੈਂ। ਭਾਵੇਂ ਤੂੰ ਮੇਰਾ ਅੱਧਾ ਰਾਜ ਮੰਗ ਲੈ, ਮੈਂ
ਉਹ ਵੀ ਤੈਨੂੰ ਦੇ ਦੇਵਾਂਗਾ।"
7ਅਸਤਰ ਨੇ ਕਿਹਾ, "ਜੋ ਮੈਂ ਚਾਹੁੰਦੀ ਹਾਂ ਉਹ ਇਵੇਂ ਹੈ: 8ਜੇ
ਮੈਂ ਪਾਤਸ਼ਾਹ ਦੀ ਨਿਗਾਹ ਵਿੱਚ ਪਰਵਾਨ ਹਾਂ, ਅਤੇ ਜੋ ਮੈਂ ਮੰਗਾ
ਉਹ ਪਾਤਸ਼ਾਹ ਖੁਸ਼ੀ ਨਾਲ ਪੂਰਾ ਕਰੇ ਤਾਂ ਚੰਗਾ ਹੋਵੇ ਜੋ ਪਾਤਸ਼ਾਹ
ਅਤੇ ਹਾਮਾਨ ਕੱਲ ਇੱਥੇ ਆਉਣ। ਕੱਲ ਮੈਂ ਇੱਕ ਹੋਰ ਦਾਅਵਤ
ਪਾਤਸ਼ਾਹ ਅਤੇ ਹਾਮਾਨ ਲਈ ਤਿਆਰ ਕਰਾਂਗੀ ਅਤੇ ਆਪਣੀ
ਇੱਛਾ ਵੀ ਪਰਗਟ ਕਰਾਂਗੀ।"

## ਮਾਰਦਕਈ ਤੇ ਹਾਮਾਨ ਦਾ ਕਰੋਧ

9ਉਸ ਦਿਨ ਹਾਮਾਨ ਪਾਤਸ਼ਾਹ ਦੇ ਮਹਿਲੋਂ ਬੜੀ ਖੁਸ਼ੀ-ਖੁਸ਼ੀ
ਪਰਤਿਆ। ਪਰ ਜਦੋਂ ਉਸਨੇ ਮਾਰਦਕਈ ਨੂੰ ਪਾਤਸ਼ਾਹ ਦੇ ਫਾਟਕ
ਕੋਲ ਵੇਖਿਆ ਤਾਂ ਉਸਨੂੰ ਮਾਰਦਕਈ ਤੇ ਬੜਾ ਕਰੋਧ ਆਇਆ।
ਉਸਨੂੰ ਮਾਰਦਕਈ ਤੇ ਪਾਗਲਾਂ ਵਾਂਗ ਕਰੋਧ ਚੜ੍ਹਿਆ ਕਿਉਂ ਕਿ
ਉਥੋਂ ਲੰਘਦਿਆਂ ਨੂੰ ਉਸਨੇ ਮਾਣ ਨਹੀਂ ਸੀ ਦਿੱਤਾ। ਮਾਰਦਕਈ
ਹਾਮਾਨ ਤੋਂ ਡਰਦਾ ਨਹੀਂ ਸੀ ਇਹ ਸੋਚ ਕੇ ਉਹ ਕਰੋਧ 'ਚ
ਪਾਗਲ ਹੋ ਰਿਹਾ ਸੀ। 10ਪਰ ਉਹ ਆਪਣੇ ਗੁੱਸੇ ਨੂੰ ਵੱਸ ਵਿੱਚ
ਰੱਖ ਕੇ ਆਪਣੇ ਘਰ ਨੂੰ ਮੁੜ ਗਿਆ। ਤਦ ਹਾਮਾਨ ਨੇ ਘਰ ਆਕੇ
ਆਪਣੀ ਪਤਨੀ ਜ਼ਰਸ਼ ਅਤੇ ਮਿੱਤਰਾਂ ਨੂੰ ਇਕੱਠਿਆਂ ਹੀ
ਬੁਲਾਇਆ। 11ਤਾਂ ਉਹ ਉਨ੍ਹਾਂ ਸਾਰਿਆਂ ਅੱਗੇ ਆਪਣੀ ਅਮੀਰੀ
ਅਤੇ ਆਪਣੇ ਬਹੁਤ ਸਾਰੇ ਪੁੱਤਰਾਂ ਬਾਰੇ ਸ਼ੇਖੀ ਮਾਰਨ ਲੱਗ ਪਿਆ
ਅਤੇ ਕਿਵੇਂ ਰਾਜੇ ਨੇ ਉਸ ਨੂੰ ਸਨਮਾਨਿਤ ਕੀਤਾ ਸੀ। ਉਹ ਸ਼ੇਖੀਆਂ
ਮਾਰ ਰਿਹਾ ਸੀ ਕਿ ਪਾਤਸ਼ਾਹ ਨੇ ਕਿਵੇਂ ਉਸਨੂੰ ਦੂਸਰੇ ਆਗੂਆਂ
ਨਾਲੋਂ ਉੱਚੀ ਪਦਵੀ ਦਿੱਤੀ ਸੀ। 12"ਅਤੇ ਇੱਥੇ ਹੀ ਬੱਸ ਨਹੀਂ",
ਹਾਮਾਨ ਨੇ ਅੱਗੋਂ ਇਹ ਵੀ ਆਖਿਆ, "ਅਸਤਰ ਨੇ ਸਭ ਨੂੰ ਛੱਡ
ਕੇ ਪਾਤਸ਼ਾਹ ਨਾਲ ਸਿਰਫ ਮੈਨੂੰ ਹੀ ਆਪਣੀ ਦਾਅਵਤ ਵਿੱਚ
ਸੱਦਿਆ ਹੈ। ਅਤੇ ਕੱਲ੍ਹ ਨੂੰ ਫੇਰ ਇੱਕ ਹੋਰ ਦਾਅਵਤ ਵਿੱਚ ਵੀ
ਉਸਨੇਪਾਤਸ਼ਾਹ ਅਤੇ ਮੈਨੂੰ ਬੁਲਾਵਾ ਦਿੱਤਾ ਹੈ। 13ਪਰ ਇਨ੍ਹਾਂ
ਸਾਰੀਆਂ ਗੱਲਾਂ ਤੋਂ ਮੈਨੂੰ ਕੋਈ ਖੁਸ਼ੀ ਨਹੀਂ ਹੁੰਦੀ ਜਦੋਂ ਮੈਂ
ਮਾਰਦਕਈ ਯਹੂਦੀ ਨੂੰ ਪਾਤਸ਼ਾਹ ਦੇ ਫਾਟਕ ਤੇ ਬੈਠਿਆਂ ਵੇਖਦਾ
ਹਾਂ।"
14ਹਾਮਾਨ ਦੀ ਪਤਨੀ ਜ਼ਰਸ਼ ਅਤੇ ਹਾਮਾਨ ਦੇ ਸਾਰੇ ਮਿੱਤਰਾਂ
ਨੇ ਉਸਨੂੰ ਸੁਝਾਵ ਦਿੱਤਾ। ਉਨ੍ਹਾਂ ਕਿਹਾ, "75 ਫੁੱਟ ਉੱਚੀ ਇੱਕ
ਝੂਲਦੀ ਚੌਂਕੀ ਬਣਵਾਈ ਜਾਵੇ ਤੇ ਕੱਲ੍ਹ ਤੂੰ ਸਵੇਰੇ ਪਾਤਸ਼ਾਹ ਨੂੰ
ਜਾਕੇ ਕਹੀਂ ਕਿ ਉਹ ਮਾਰਦਕਈ ਨੂੰ ਉਸਤੇ ਸੂਲੀ ਚੜ੍ਹਾ ਦੇਵੇ
ਫ਼ਿਰ ਤੂੰ ਉਪਰੰਤ ਖੁਸ਼ੀ-ਖੁਸ਼ੀ ਪਾਤਸ਼ਾਹ ਨਾਲ ਦਾਅਵਤ ਤੇ ਚਲਾ
ਜਾਵੀਂ।"
ਹਾਮਾਨ ਨੂੰ ਇਹ ਸੁਝਾਵ ਪਸੰਦ ਆਇਆ ਅਤੇ ਉਸਨੇ ਉਹ
ਸੂਲੀ ਬਨਾਉਣ ਦਾ ਹੁਕਮ ਦਿੱਤਾ।

## ਮਾਰਦਕਈ ਦਾ ਸੰਮਾਨ

6 ਉਸ ਸਾਰੀ ਰਾਤ ਪਤਸ਼ਾਹ ਨੂੰ ਨੀਂਦ ਨਾ ਆਈ ਤਾਂ ਉਸਨੇ
ਆਪਣੇ ਇੱਕ ਦਾਸ ਨੂੰ ਇਤਿਹਾਸ ਦੀ ਪੋਥੀ ਲਿਆ ਕੇ
ਉਸ ਨੂੰ ਸੁਨਾਉਣ ਨੂੰ ਕਿਹਾ। ਇਤਿਹਾਸ ਦੀ ਪੋਥੀ ਵਿੱਚ ਪਾਤਸ਼ਾਹ
ਦੇ ਰਾਜ ਦੇ ਸਮੇਂ ਦੀਆਂ ਸਾਰੀਆਂ ਘਟਨਾਵਾਂ ਅੰਕਿਤ ਸਨ।
2ਪਾਤਸ਼ਾਹ ਨੇ ਸੇਵਾਦਾਰ ਨੇ ਪਾਤਸ਼ਾਹ ਨੂੰ ਪੋਥੀ ਪੜ੍ਹ ਕੇ ਸੁਣਾਈ।
ਉਸਨੇ ਪਾਤਸ਼ਾਹ ਅਹਸ਼ਵੇਰੋਸ਼ ਨੂੰ ਮਾਰ ਮੁਕਉਣ ਦੀ ਵਿਉਂਤ ਨੂੰ
ਵੀ ਪੜ੍ਹਿਆ। ਇਹ ਉਸ ਵੇਲੇ ਦੀ ਵਾਰਦਾਤ ਹੈ ਜਦੋਂ ਮਾਰਦਕਈ
ਨੇ ਬਿਗਥਾਨਾ ਅਤੇ ਤਰਸ਼ ਦੀ ਖਬਰ ਦਿੱਤੀ ਸੀ। ਇਹ ਉਹ ਦੋ
ਖੁਸਰੇ ਸਨ ਜਿਹੜੇ ਪਾਤਸ਼ਾਹ ਦੇ ਦਰਵਾਜ਼ੇ ਤੇ ਪਹਿਰੇਦਾਰੀ ਕਰਦੇ
ਸਨ, ਅਤੇ ਜਿਨ੍ਹਾਂ ਨੇ ਪਾਤਸ਼ਾਹ ਨੂੰ ਮਾਰਨ ਦੀ ਵਿਉਂਤ ਬਣਾਈ
ਸੀ। ਮਾਰਦਕਈ ਨੂੰ ਇਸਦੀ ਸੂਹ ਮਿਲ ਗਈ ਅਤੇ ਉਸਨੇ ਇਸ
ਬਾਰੇ ਕਿਸੇ ਨੂੰ ਸੂਚਨਾ ਦਿੱਤੀ ਸੀ।

---

**ਰਾਜ ਦੰਡ** ਇੱਕ ਖਾਸ ਕਿਸਮ ਦੀ ਛੜ ਜੋ ਪਾਤਸ਼ਾਹ ਦੇ ਹੱਥ ਵਿੱਚ ਹੁੰਦੀ ਸੀ।

3ਤਦ ਪਾਤਸ਼ਾਹ ਨੇ ਆਖਿਆ, "ਮਾਰਦਕਈ ਨੂੰ ਇਸ ਕਰਨੀ ਲਈ ਕੀ ਸਤਿਕਾਰ ਅਤੇ ਚੰਗਾ ਪੁਰਸਕਾਰ ਦਿੱਤਾ ਗਿਆ ਹੈ?"

ਤਾਂ ਜਵਾਨ ਸੇਵਾਦਾਰਾਂ ਨੇ ਰਾਜੇ ਨੂੰ ਕਿਹਾ, "ਮਾਰਦਕਈ ਲਈ ਕੁਝ ਵੀ ਨਹੀਂ ਕੀਤਾ ਗਿਆ।"

4ਉਸ ਵੇਲੇ ਹਾਮਾਨ ਪਾਤਸ਼ਾਹ ਦੇ ਮਹਿਲ ਦੇ ਵਿਹੜੇ ਵਿੱਚ ਅਜੇ ਦਾਖਲ ਹੀ ਹੋਇਆ ਸੀ। ਉਹ ਪਾਤਸ਼ਾਹ ਨੂੰ ਇਹ ਆਖਣ ਆਇਆ ਸੀ ਕਿ ਜੋ ਸੂਲੀ ਉਸਨੇ ਤਿਆਰ ਕੀਤੀ ਹੈ ਪਾਤਸ਼ਾਹ, ਮਾਰਦਕਈ ਨੂੰ ਉੱਥੇ ਟੰਗਣ ਦਾ ਹੁਕਮ ਦੇਵੇ। ਰਾਜੇ ਨੇ ਕਦਮਾਂ ਦੀ ਆਵਾਜ਼ ਸੁਣੀ। ਰਾਜੇ ਨੇ ਆਖਿਆ, "ਵਿਹੜੇ ਵਿੱਚ ਕੌਣ ਆਇਆ ਹੈ?" 5ਪਾਤਸ਼ਾਹ ਦੇ ਸੇਵਾਦਾਰਾਂ ਨੇ ਕਿਹਾ, "ਵਿਹੜੇ ਵਿੱਚ ਹਾਮਾਨ ਖੜਾ ਹੈ?"

ਤਾਂ ਪਾਤਸ਼ਾਹ ਨੇ ਕਿਹਾ, "ਉਸ ਨੂੰ ਅੰਦਰ ਬੁਲਾਓ।"

6ਜਦੋਂ ਹਾਮਾਨ ਅੰਦਰ ਆਇਆ ਤਾਂ ਪਾਤਸ਼ਾਹ ਨੇ ਉਸਨੂੰ ਸੁਆਲ ਕੀਤਾ ਅਤੇ ਕਿਹਾ, "ਹਾਮਾਨ! ਜਿਸ ਮਨੁੱਖ ਨੂੰ ਪਾਤਸ਼ਾਹ ਸੰਮਾਨ ਦੇਣਾ ਚਾਹੁੰਦਾ ਹੋਵੇ, ਉਸ ਨੂੰ ਕਿਹੋ ਜਿਹਾ ਸੰਮਾਨ ਦੇਣਾ ਚਾਹੀਦਾ ਹੈ?"

ਹਾਮਾਨ ਨੇ ਆਪਣੇ ਮਨ ਵਿੱਚ ਸੋਚਿਆ, "ਮੇਰੇ ਤੋਂ ਵੱਧ ਭਲਾ ਹੋਰ ਕੌਣ ਹੋ ਸਕਦਾ ਹੈ ਜਿਸ ਨੂੰ ਪਾਤਸ਼ਾਹ ਸੰਮਾਨ ਦੇਣਾ ਚਾਹੁੰਦਾ ਹੋਵੇ? ਜ਼ਰੂਰੀ ਹੈ ਕਿ ਪਾਤਸ਼ਾਹ ਮੈਨੂੰ ਹੀ ਸੰਮਾਨ ਦੇਣਾ ਚਾਹੁੰਦਾ ਹੋਣਾ ਹੈ! ਮੈਨੂੰ ਇਹ ਪੱਕਾ ਯਕੀਨ ਹੈ।"

7ਤਾਂ ਹਾਮਾਨ ਨੇ ਪਾਤਸ਼ਾਹ ਨੂੰ ਕਿਹਾ, "ਜਿਸ ਨੂੰ ਪਾਤਸ਼ਾਹ ਦੀ ਨਦਰ ਹੋਵੇ ਉਸ ਮਨੁੱਖ ਦੇ ਸੰਮਾਨ ਲਈ ਪਾਤਸ਼ਾਹ ਨੂੰ ਇਉਂ ਕਰਨਾ ਚਾਹੀਦਾ ਹੈ। 8ਜਿਹੜੀ ਪੋਸ਼ਾਕ ਪਾਤਸ਼ਾਹ ਪਹਿਨਦਾ ਹੈ ਨੌਕਰ ਉਹ ਸ਼ਾਹੀ ਪੋਸ਼ਾਕ ਉਸ ਲਈ ਲੈ ਕੇ ਆਉਣ ਅਤੇ ਜਿਸ ਘੋੜੇ ਤੇ ਪਾਤਸ਼ਾਹ ਆਪ ਸਵਾਰ ਹੁੰਦਾ ਹੈ ਉਹ ਸ਼ਾਹੀ ਸਵਾਰੀ ਉਸ ਲਈ ਤਿਆਰ ਕੀਤੀ ਜਾਵੇ, ਜਿਸ ਘੋੜੇ ਦੇ ਸਿਰ ਉੱਪਰ ਸ਼ਾਹੀ ਤਾਜ ਰੱਖਿਆ ਹੋਇਆ ਹੈ। ਉਸ ਨੂੰ ਲਿਆਂਦਾ ਜਾਵੇ। 9ਫਿਰ ਉਹ ਪੋਸ਼ਾਕ ਅਤੇ ਉਹ ਘੋੜਾ ਪਾਤਸ਼ਾਹ ਦੇ ਮਹੱਤਵਪੂਰਣ ਸਰਦਾਰਾਂ ਵਿੱਚੋਂ ਕਿਸੇ ਇੱਕ ਦੇ ਹੱਥਾਂ ਵਿੱਚ ਦਿੱਤੇ ਜਾਣ ਤਾਂ ਜੋ ਉਹ ਉਸ ਮਨੁੱਖ ਨੂੰ ਇਹ ਪੋਸ਼ਾਕ ਪੁਆਵੇ ਜਿਸ ਨੂੰ ਪਾਤਸ਼ਾਹ ਸੰਮਾਨ ਦੇਣਾ ਚਾਹੁੰਦਾ ਫੇਰ ਉਹ ਉਸ ਨੂੰ ਘੋੜੇ ਉੱਤੇ ਚੜ੍ਹਾ ਕੇ ਸ਼ਹਿਰ ਦੇ ਚੌਂਕ ਵਿੱਚ ਫਿਰਾਇਆ ਜਾਵੇ, ਅਤੇ ਇਹ ਐਲਾਨ ਕੀਤਾ ਜਾਵੇ, 'ਜਿਸ ਮਨੁੱਖ ਨੂੰ ਪਾਤਸ਼ਾਹ ਮਾਨ ਵਡਿਆਈ ਦੇਣੀ ਚਾਹੁੰਦਾ ਹੈ, ਇਹ ਉਸ ਲਈ ਕੀਤਾ ਗਿਆ ਹੈ!'"

10"ਜਲਦੀ ਜਾ" ਪਾਤਸ਼ਾਹ ਨੇ ਹਾਮਾਨ ਨੂੰ ਹੁਕਮ ਦਿੱਤਾ। "ਜਾ ਕੇ ਸ਼ਾਹੀ ਪੋਸ਼ਾਕ ਅਤੇ ਘੋੜਾ ਲਿਆ ਜਿਵੇਂ ਕਿ ਤੂੰ ਹੁਣੇ ਸੁਝਾਅ ਦਿੱਤਾ ਹੈ ਤੇ ਇਹ ਸਭ ਕੁਝ ਮਾਰਦਕਈ ਯਹੂਦੀ ਲਈ ਕਰ। ਉਹ ਪਾਤਸ਼ਾਹੀ ਫਾਟਕ ਕੋਲ ਬੈਠਾ ਹੈ ਅਤੇ ਇਹ ਸਭ ਕੁਝ ਉਸ ਲਈ ਆਪਣੇ ਸੁਝਾਅ ਮੁਤਾਬਕ ਕਰ।'"

11ਫੇਰ ਹਾਮਾਨ ਪੋਸ਼ਾਕ ਅਤੇ ਘੋੜਾ ਲਿਅਇਆ। ਫਿਰ ਉਸ ਨੇ ਮਾਰਦਕਈ ਨੂੰ ਉਹ ਪੁਸ਼ਾਕ ਪੁਵਾਈ ਅਤੇ ਉਸਨੂੰ ਘੋੜੇ ਉੱਤੇ ਬਿਠਾਇਆ ਫੇਰ ਉਹ, ਉਸ ਨੂੰ ਸ਼ਹਿਰ ਦੇ ਦੁਆਲੇ ਲੈ ਗਿਆ ਅਤੇ ਐਲਾਨ ਕੀਤਾ, "ਇਹ ਉਸ ਵਿਅਕਤੀ ਲਈ ਕੀਤਾ ਗਿਆ ਜਿਸ ਨੂੰ ਪਾਤਸ਼ਾਹ ਸਤਿਕਾਰਨਾ ਚਾਹੁੰਦਾ ਹੈ।"

12ਇਸ ਉਪਰੰਤ ਮਾਰਦਕਈ ਮੁੜ ਪਾਤਸ਼ਾਹੀ ਫਾਟਕ ਕੋਲ ਪਰਤ ਆਇਆ। ਪਰ ਹਾਮਾਨ ਛੇਤੀ ਨਾਲ ਘਰ ਨੂੰ ਮੁੜ ਗਿਆ ਅਤੇ ਉਸਨੇ ਆਪਣਾ ਸਿਰ ਮੂੰਹ ਢੱਕ ਲਿਆ ਕਿਉਂ ਕਿ ਉਹ ਸ਼ਰਮ ਨਾਲ ਪਾਣੀ-ਪਾਣੀ ਹੋ ਰਿਹਾ ਸੀ। 13ਉਪਰੰਤ ਹਾਮਾਨ ਨੇ ਇਹ ਸਾਰੀ ਵਾਰਦਾਤ ਜੋ ਉਸ ਨਾਲ ਘਟੀ ਆਪਣੀ ਪਤਨੀ ਜ਼ਰਸ਼ ਅਤੇ ਆਪਣੇ ਮਿੱਤਰਾਂ ਨੂੰ ਸੁਣਾਈ। ਹਾਮਾਨ ਦੀ ਪਤਨੀ ਅਤੇ ਉਸਦੇ ਮਿੱਤਰਾਂ ਨੇ ਜਿਹੜੇ ਸੁਝਾਅ ਉਸ ਨੂੰ ਦਿੱਤੇ ਸਨ, ਉਨ੍ਹਾਂ ਨੇ ਕਿਹਾ, "ਜੇਕਰ ਮਾਰਦਕਈ ਯਹੂਦੀ ਹੈ ਤਾਂ ਤੂੰ ਇਸ ਨੂੰ ਹਰਾ ਨਹੀਂ ਸਕਦਾ ਪਰ ਹੁਣ ਤੋਂ ਹੀ ਤੇਰਾ ਪਤਨ ਸ਼ੁਰੂ ਹੋ ਚੁੱਕਾ ਹੈ ਅਤੇ ਤੇਰਾ ਪਤਨ ਤੇ ਹਾਰ ਅਵੱਸ਼ ਹੈ।"

14ਜਦੋਂ ਇਹ ਲੋਕ ਹਾਮਾਨ ਨਾਲ ਗੱਲਾਂ ਕਰ ਰਹੇ ਸਨ ਤਾਂ ਪਾਤਸ਼ਾਹ ਦਾ ਖੁਸਰਾ ਹਾਮਾਨ ਦੇ ਘਰ ਪੁਹੰਚਿਆ ਅਤੇ ਹਾਮਾਨ ਨੂੰ ਦਾਅਵਤ ਲਈ ਜਿਹੜੀ ਅਸਤਰ ਨੇ ਤਿਆਰ ਕੀਤੀ ਸੀ, ਉਸ ਲਈ ਲੈ ਗਏ।

## ਹਾਮਾਨ ਨੂੰ ਫਾਂਸੀ

7 ਤਾਂ ਫਿਰ ਪਾਤਸ਼ਾਹ ਤੇ ਹਾਮਾਨ ਅਸਤਰ ਦੀ ਦਾਅਵਤ ਤੇ ਪਹੁੰਚੇ। 2ਤਾਂ ਫਿਰ ਜਦੋਂ ਦਾਅਵਤ ਦੇ ਦੌਰਾਨ ਦੂਸਰੇ ਦਿਨ ਮੈਅ ਪੀ ਰਹੇ ਸਨ, ਪਾਤਸ਼ਾਹ ਨੇ ਅਸਤਰ ਨੂੰ ਪੁੱਛਿਆ, "ਰਾਣੀ ਅਸਤਰ, ਉਹ ਕੀ ਹੈ ਜੋ ਤੂੰ ਮੰਗਣਾ ਚਾਹੁੰਦੀ ਹੈ! ਜੋ ਕੁਝ ਤੂੰ ਮੰਗੇਗੀ ਤੈਨੂੰ ਦਿੱਤਾ ਜਾਵੇਗਾ ਮੈਨੂੰ ਦੱਸ ਤੈਨੂੰ ਕੀ ਚਾਹੀਦਾ?" ਤੂੰ ਜੋ ਵੀ ਮੰਗੇਂਗੀ , ਭਾਵੇਂ ਇਹ ਮੇਰਾ ਰਾਜ ਹੋਵੇ ਮੈਂ ਤੈਨੂੰ ਜ਼ਰੂਰ ਦੇਵਾਂਗਾ।"

3ਰਾਣੀ ਅਸਤਰ ਨੇ ਕਿਹਾ, "ਪਾਤਸ਼ਾਹ, ਜੇਕਰ ਤੂੰ ਮੈਨੂੰ ਪਸੰਦ ਕਰਦਾ ਹੈਂ ਅਤੇ ਜੇਕਰ ਇਹ ਤੈਨੂੰ ਪ੍ਰਸੰਨ ਕਰੇ, ਤਾਂ ਮੈਨੂੰ ਜਿਉਣ ਦੇਵੀਂ। ਤੇ ਮੈਂ ਤੈਥੋਂ ਆਪਣੇ ਲੋਕਾਂ ਨੂੰ ਜਿਉਂਦਿਆਂ ਰਹਿਣ ਦੇਣ ਦੀ ਵੀ ਮੰਗ ਕਰਦੀ ਹਾਂ। ਬਸ ਇਹੀ ਮੇਰੀ ਫਰਿਆਦ ਹੈ। 4ਕਿਉਂ ਕਿ ਮੈਂ ਅਤੇ ਮੇਰੇ ਲੋਕ ਨਸ਼ਟ ਹੋਣ ਲਈ ਅਤੇ ਮਾਰੇ ਜਾਣ ਲਈ ਅਤੇ ਕੁੱਲ ਸਰਬਨਾਸ਼ ਕੀਤੇ ਜਾਣ ਲਈ ਵੇਚ ਦਿੱਤੇ ਗਏ ਹਨ। ਜੇਕਰ ਅਸੀਂ ਦਾਸ-ਦਾਸੀਆਂ ਵਾਂਗ ਵੇਚੇ ਗਏ ਹੁੰਦੇ, ਤਾਂ ਮੈਂ ਚੁੱਪ ਰਹਿੰਦੀ ਕਿਉਂ ਕਿ ਸਾਡੀਆਂ ਮੁਸੀਬਤਾਂ ਰਾਜੇ ਦੇ ਚਿੰਤਾ ਕਰਨ ਲਈ ਵੱਡੀ ਸੱਮਸਿਆ ਨਹੀਂ ਹੋਣੀਆਂ ਸਨ।"

5ਤੱਦ ਪਾਤਸ਼ਾਹ ਅਹਸ਼ਵੇਰੋਸ਼ ਨੇ ਰਾਣੀ ਨੂੰ ਪੁੱਛਿਆ, "ਕਿਸ ਨੇ ਅਜਿਹਾ ਤੁਹਾਡੇ ਨਾਲ ਕੀਤਾ ਹੈ? ਕਿਸ ਆਦਮੀ ਨੇ ਤੇਰੇ ਲੋਕਾਂ ਨਾਲ ਅਜਿਹਾ ਕਰਨ ਦੀ ਹਿੰਮਤ ਕੀਤੀ।"

6ਅਸਤਰ ਨੇ ਕਿਹਾ, "ਜਿਹੜਾ ਵੈਰੀ ਸਾਡੇ ਵਿਰੁੱਧ ਵਿਉਂਤਾ ਬਣਾ ਰਿਹਾ ਉਹ ਇਹ ਬਦਆਦਮੀ ਹਾਮਾਨ ਹੈ।"

ਫ਼ੇਰ ਹਾਮਾਨ ਰਾਜੇ ਅਤੇ ਰਾਣੀ ਅੱਗੇ ਡਰ ਨਾਲ ਕੰਬਣ ਲੱਗ ਪਿਆ। 7ਪਾਤਸ਼ਾਹ ਨੂੰ ਬੜਾ ਕਰੋਧ ਆਇਆ। ਉਹ ਆਪਣੀ ਮੈਅ ਉੱਥੇ ਹੀ ਛੱਡਕੇ ਉੱਠ ਖਲੋਤਾ ਅਤੇ ਆਪਣੇ ਬਾਗ਼ ਵੱਲ ਚਲਾ ਗਿਆ। ਪਰ ਹਾਮਾਨ ਰਾਣੀ ਕੋਲ ਰਹਿ ਕੇ ਆਪਣੀ ਜਾਨ ਬਖਸ਼ਾਉਣ ਲਈ ਫ਼ਰਿਆਦ ਕਰਦਾ ਰਿਹਾ, ਕਿਉਂ ਕਿ ਉਹ ਜਾਣਦਾ ਸੀ ਕਿ ਰਾਜੇ ਨੇ ਉਸ ਨੂੰ ਮਰਵਾਉਣ ਦਾ ਨਿਰਣਾ ਕਰ ਲਿਆ ਸੀ। 8ਜਦੋਂ ਪਾਤਸ਼ਾਹ ਬਾਗ਼ ਵਿੱਚੋਂ ਦਾਅਵਤਖਾਨੇ ਵੱਲ

ਮੁੜ ਰਿਹਾ ਸੀ, ਤਾਂ ਉਸ ਨੇ ਹਾਮਾਨ ਨੂੰ ਉਸ ਚੌਂਕੀ ਤੇ ਡਿਗਦਿਆਂ
ਵੇਖਿਆ ਜਿੱਥੇ ਅਸਤਰ ਬੈਠੀ ਹੋਈ ਸੀ ਤਾਂ ਪਾਤਸ਼ਾਹ ਕਰੋਧ ਵਿੱਚ
ਉੱਚੀ ਆਵਾਜ਼ ਵਿੱਚ ਬੋਲਿਆ, "ਮੇਰੇ ਘਰ ਵਿੱਚ ਹੁੰਦਿਆਂ ਹੋਇਆਂ
ਮੇਰੀ ਰਾਣੀ ਤੇ ਕਾਮਵਾਸਨਾ ਨਾਲ ਵਾਰ ਕਰਨ ਦੀ ਤੇਰੀ ਇੰਨੀ
ਜੁਰਅਤ ਕਿਵੇਂ ਹੋਈ?"

ਜਿਉਂ ਹੀ ਪਾਤਸ਼ਾਹ ਨੇ ਇਉਂ ਆਖਿਆ ਤਾਂ ਦਾਸਾਂ ਨੇ
ਦਾਅਵਤਖਾਨੇ ਵਿੱਚ ਆ ਕੇ ਹਾਮਾਨ ਨੂੰ ਵੱਢ ਸੁੱਟਿਆ। * 9ਫਿਰ
ਉਨ੍ਹਾਂ ਖੁਸਰਿਆਂ ਵਿੱਚੋਂ ਇੱਕ ਨੇ ਹਰਬੋਨਾਹ ਨੇ ਪਾਤਸ਼ਾਹ ਨੂੰ
ਆਖਿਆ, "ਇੱਕ 75 ਫੁੱਟ ਉੱਚੀ ਝੂਲਦੀ ਚੌਂਕੀ ਹਾਮਾਨ ਨੇ
ਮਰਦਕਈ ਨੂੰ ਸੂਲੀ ਚੜ੍ਹਾਉਣ ਲਈ ਆਪਣੇ ਘਰ ਦੇ ਅੱਗੇ
ਬਣਾਈ ਹੈ ਮਾਰਦਜਈ ਹੀ ਉਹ ਆਦਮੀ ਹੈ ਜਿਸਨੇ ਤੈਨੂੰ ਮਾਰੇ
ਜਾਣ ਦੀ ਵਿਉਂਤ ਬਾਰੇ ਜਾਣਕਾਰੀ ਦੇਕੇ ਤੇਰੀ ਜਾਨ ਬਚਾਈ
ਸੀ।"

ਪਾਤਸ਼ਾਹ ਨੇ ਕਿਹਾ, "ਇਸੇ ਸੂਲੀ ਤੇ ਹਾਮਾਨ ਨੂੰ ਟੰਗ ਦੇਵੋ।"
10ਤਾਂ ਉਨ੍ਹਾਂ ਨੇ ਉਸੇ ਸੂਲੀ ਤੇ, ਜੋ ਹਾਮਾਨ ਨੇ ਮਾਰਦਕਈ
ਲਈ ਬਣਾਈ ਸੀ, ਹਾਮਾਨ ਨੂੰ ਟੰਗ ਦਿੱਤਾ। ਤਾਂ ਪਾਤਸ਼ਾਹ ਦਾ
ਕਰੋਧ ਢਲ ਗਿਆ।

### ਯਹੂਦੀਆਂ ਦੀ ਮਦਦ ਲਈ ਪਾਤਸ਼ਾਹ ਦਾ ਹੁਕਮ

8 ਉਸ ਦਿਨ ਪਾਤਸ਼ਾਹ ਅਹਸ਼ਵੇਰੋਸ਼ ਨੇ ਯਹੂਦੀਆਂ ਦੇ ਵੈਰੀ
ਹਾਮਾਨ ਦਾ ਸਾਰਾ ਸਮਾਨ ਤੇ ਮਲਕੀਅਤ ਰਾਣੀ ਅਸਤਰ
ਦੇ ਹਵਾਲੇ ਕਰ ਦਿੱਤੀ। ਅਸਤਰ ਨੇ ਪਾਤਸ਼ਾਹ ਨੂੰ ਮਾਰਦਕਈ
ਬਾਰੇ ਵੀ ਦੱਸ ਦਿੱਤਾ ਕਿ ਉਹ ਉਸ ਦਾ ਕੀ ਲੱਗਦਾ ਹੈ। ਤੱਦ
ਮਾਰਦਕਈ ਪਾਤਸ਼ਾਹ ਨੂੰ ਮਿਲਣ ਆਇਆ। 2ਪਾਤਸ਼ਾਹ ਨੇ
ਆਪਣੀ ਮੋਹਰ ਵਾਲੀ ਮੁੰਦਰੀ ਲਈ ਜਿਹੜੀ ਉਸਨੇ ਹਾਮਾਨ ਨੂੰ
ਦਿੱਤੀ ਸੀ ਅਤੇ ਇਸਨੂੰ ਮਾਰਦਕਈ ਨੂੰ ਦੇ ਦਿੱਤਾ। ਫੇਰ ਅਸਤਰ
ਨੇ ਹਾਮਾਨ ਦੀ ਸਾਰੀ ਮਲਕੀਅਤ ਦਾ ਸਰਪ੍ਰਸਤ ਮਾਰਦਕਈ ਨੂੰ
ਬਣਾ ਦਿੱਤਾ।

3ਅਸਤਰ ਨੇ ਮੁੜ ਪਾਤਸ਼ਾਹ ਕੋਲ ਜਾਕੇ ਉਸ ਨਾਲ ਗੱਲ ਕੀਤੀ।
ਉਹ ਪਾਤਸ਼ਾਹ ਦੇ ਪੈਰਾਂ ਤੇ ਡਿੱਗ ਕੇ ਅਤੇ ਰੋ ਪਈ। ਉਸ ਨੇ
ਫ਼ਰਿਆਦ ਕੀਤੀ ਕਿ ਉਹ ਉਸ ਮੰਦੀ ਯੋਜਨਾ ਨੂੰ ਰੱਦ ਕਰ ਦੇਵੇ
ਜੋ ਹਾਮਾਨ ਅਗਾਗੀ ਨੇ ਯਹੂਦੀਆਂ ਦੇ ਖਿਲਾਫ਼ ਬਾਣਾਈ ਸੀ।

4ਤਦ ਰਾਜੇ ਨੇ ਅਸਤਰ ਵੱਲ ਆਪਣਾ ਸੁਨਿਹਰੀ ਰਾਜ-ਦੰਡ
ਵਧਾਇਆ, ਅਤੇ ਉਹ ਉੱਠ ਕੇ ਪਾਤਸ਼ਾਹ ਦੇ ਸਾਮ੍ਹਣੇ ਜਾ ਖਲੋਤੀ।
5ਫੇਰ ਅਸਤਰ ਨੇ ਆਖਿਆ, "ਪਾਤਸ਼ਾਹ, ਜੇਕਰ ਤੂੰ ਮੈਨੂੰ ਪਸੰਦ
ਕਰਦਾ ਹੈਂ ਅਤੇ ਜੇਕਰ ਤੂੰ ਮੇਰੇ ਤੇ ਪ੍ਰਸੰਨ ਹੈ ਅਤੇ ਜੇਕਰ ਤੈਨੂੰ
ਮੇਰਾ ਵਿਚਾਰ ਚੰਗਾ ਲੱਗੇ ਤੇ ਜੇਕਰ ਤੂੰ ਮੇਰੇ ਨਾਲ ਖੁਸ਼ ਹੈਂ, ਤਾਂ
ਕਿਰਪਾ ਕਰਕੇ ਇੱਕ ਨਵਾਂ ਹੁਕਮ ਜਾਰੀ ਕਰ ਦਿਓ ਜੋ ਕਿ ਅਗਾਰੀ
ਹਮਦਾਥਾ ਦੇ ਪੁੱਤਰ ਹਾਮਾਨ ਦੇ ਆਦੇਸ਼ ਨੂੰ ਰੱਦ ਕਰ ਦੇਵੇ।
ਉਸਨੇ ਪਾਤਸ਼ਹ ਦੇ ਸੂਬੇ ਵਿੱਚ ਸਾਰੇ ਯਹੂਦੀਆਂ ਨੂੰ ਤਬਾਹ ਕਰਣ
ਦਾ ਆਦੇਸ਼ ਦਿੱਤਾ ਹੈ।

6ਮੈਂ ਪਾਤਸ਼ਾਹ ਅੱਗੇ ਅਰਜ਼ ਇਸ ਲਈ ਕਰ ਰਹੀ ਹਾਂ ਕਿਉਂ
ਕਿ ਮੈਂ ਆਪਣੇ ਲੋਕਾਂ ਨਾਲ ਇਹ ਭਿਆਨਕ ਕਰੋਪੀ ਹੁੰਦੀ ਨਹੀਂ
ਵੇਖ ਸਕਦੀ। ਮੈਂ ਆਪਣੇ ਘਰਾਣੇ ਨੂੰ ਨਸ਼ਟ ਹੁੰਦਾ, ਮਰਦਾ ਨਹੀਂ
ਵੇਖ ਸਕਦੀ।"

7ਪਾਤਸ਼ਾਹ ਅਹਸ਼ਵੇਰੋਸ਼ ਨੇ ਰਾਣੀ ਅਸਤਰ ਅਤੇ ਮਾਰਦਕਈ
ਨੂੰ ਆਖਿਆ, "ਕਿਉਂ ਕਿ ਹਾਮਾਨ ਯਹੂਦੀਆਂ ਦੇ ਖਿਲਾਫ ਸੀ।
ਇਸ ਲਈ ਮੈਂ ਉਸਦੀ ਜਾਇਦਾਦ ਅਸਤਰ ਨੂੰ ਸੌਂਪ ਦਿੱਤੀ।
ਅਤੇ ਮੇਰੇ ਸਿਪਾਹੀਆਂ ਨੇ ਉਸ ਨੂੰ ਸੂਲੀ ਚਾੜ੍ਹ ਦਿੱਤਾ। 8ਰਾਜੇ ਦੇ
ਅਧਿਕਾਰ ਨਾਲ ਯਹੂਦੀਆਂ ਨਾਲ ਸੰਬੰਧਿਤ ਇੱਕ ਹੋਰ ਹੁਕਮ
ਲਿਖੋ। ਤੁਸੀਂ ਜੋ ਵੀ ਸਮਝੋਂ ਕਿ ਜਿਸ ਨਾਲ ਯਹੂਦੀਆਂ ਦਾ ਭਲਾ
ਹੋਵੇਗਾ, ਇਸ ਨੂੰ ਲਿਖੋ ਅਤੇ ਇਸ ਉੱਤੇ ਰਾਜੇ ਦੀ ਮੋਹਰ ਲਾ
ਦਿਓ। ਕਿਉਂ ਕਿ ਜੋ ਕੁਝ ਵੀ ਪਾਤਸ਼ਾਹ ਦੇ ਨਾਉਂ ਤੇ ਲਿਖਿਆ
ਜਾਵੇਗਾ ਅਤੇ ਜੇਕਰ ਉਸ ਉੱਪਰ ਪਾਤਸ਼ਾਹ ਦੀ ਮੋਹਰ ਲੱਗ
ਜਾਵੇ ਤਾਂ ਉਸ ਨੂੰ ਕੋਈ ਵੀ ਰੱਦ ਨਹੀਂ ਕਰ ਸਕਦਾ।"

9ਜਲਦੀ ਹੀ ਪਾਤਸ਼ਾਹ ਦੇ ਸਕੱਤਰ ਸੱਦੇ ਗਏ। ਇਹ ਸਭ
ਕਾਰਜ ਸੀਵਾਨ ਦੇ ਤੀਜੇ ਮਹੀਨੇ ਦੇ ਤੇਈਵੇਂ ਦਿਨ ਨੂੰ ਕੀਤਾ
ਗਿਆ। ਉਨ੍ਹਾਂ ਸਕੱਤਰਾਂ ਨੇ ਮਾਰਦਕਈ ਦੇ ਹੁਕਮ ਮੁਤਾਬਕ
ਯਹੂਦੀਆਂ, ਆਗੂਆਂ, ਰਾਜਪਾਲਾਂ ਅਤੇ ਹਿੰਦ ਤੋਂ ਕੂਸ਼ ਤੀਕ 127
ਸੂਬਿਆਂ ਦੇ ਅਧਿਕਾਰੀਆਂ ਨੂੰ ਲਿਖਿਆ। ਉਹ ਆਦੇਸ਼ ਲੋਕਾਂ ਦੇ
ਹਰ ਸਮੂਹ ਨੂੰ ਉਨ੍ਹਾਂ ਦੀ ਆਪਣੀ ਭਾਸ਼ਾ ਵਿੱਚ ਅਤੇ ਯਹੂਦੀਆਂ ਨੂੰ
ਉਨ੍ਹਾਂ ਦੀ ਆਪਣੀ ਭਾਸ਼ਾ ਅਤੇ ਵਰਨਮਾਲਾ ਵਿੱਚ ਲਿਖੇ ਗਏ
ਸਨ। 10ਮਾਰਦਕਈ ਨੇ ਰਾਜੇ ਦੇ ਅਧਿਕਾਰ ਮੁਤਾਬਿਕ ਆਦੇਸ਼
ਨੂੰ ਲਿਖਿਆ ਅਤੇ ਪਾਤਸ਼ਾਹ ਦੀ ਮੋਹਰ ਨਾਲ ਚਿੱਠੀਆਂ ਨੂੰ ਬੰਦ
ਕੀਤਾ ਫੇਰ ਉਸਨੇ ਉਨ੍ਹਾਂ ਪੱਤਰਾਂ ਨੂੰ ਘੋੜਿਆਂ ਤੇ ਸੰਦੇਸ਼ਵਾਹਕਾਂ
ਰਾਹੀਂ ਭੇਜ ਦਿੱਤਾ। ਉਹ ਤੇਜ ਘੋੜ੍ਹਿਆਂ ਉੱਤੇ ਸਵਾਰ ਹੋ ਗਏ ਤਾਂ
ਕਿ ਉਹ ਚਿੱਠੀਆਂ ਨੂੰ ਜਲਦ ਤੋਂ ਜਲਦ ਪਹੁੰਚਾ ਸਕਣ। 11ਉਨ੍ਹਾਂ
ਚਿੱਠੀਆਂ ਵਿੱਚ ਪਾਤਸ਼ਾਹ ਦਾ ਹੁਕਮ ਇਉਂ ਸੀ:

> ਹਰ ਇੱਕ ਸ਼ਹਿਰ ਦੇ ਯਹੂਦੀਆਂ ਨੂੰ ਆਪਣੇ ਆਪ ਨੂੰ ਬਚਾਉਣ
> ਲਈ ਇੱਕ ਥਾਵੇਂ ਇਕੱਠੇ ਹੋਣ ਦਾ ਹੱਕ ਹੈ। ਜੇਕਰ ਕਿਸੇ ਵੀ
> ਕੌਮ ਦੀ ਫ਼ੌਜ ਉਨ੍ਹਾਂ, ਦੀਆਂ ਔਰਤਾਂ ਜਾਂ ਉਨ੍ਹਾਂ ਦੇ ਬੱਚਿਆਂ
> ਉੱਤੇ ਹਮਲਾ ਕਰੇ, ਤਾਂ ਉਨ੍ਹਾਂ ਨੂੰ ਉਸ ਪੂਰੀ ਫ਼ੌਜ ਨੂੰ ਤਬਾਹ
> ਕਰਨ, ਮਾਰਨ ਅਤੇ ਨਸ਼ਟ ਕਰਨ ਦਾ ਪੂਰਾ ਹੱਕ ਹੈ।
> ਯਹੂਦੀਆਂ ਨੂੰ ਉਨ੍ਹਾਂ ਵੈਰੀਆਂ ਨੂੰ ਨਸ਼ਟ ਕਰਕੇ ਉਨ੍ਹਾਂ ਦੀ
> ਦੌਲਤ ਲੈਣ ਦਾ ਵੀ ਪੂਰਾ ਹੱਕ ਹੈ।

12ਜਿਹੜਾ ਦਿਨ ਯਹੂਦੀਆਂ ਦੇ ਇਹ ਸਭ ਕਰਨ ਲਈ ਮੁਕੱਰਰ
ਕੀਤਾ ਗਿਆ ਸੀ ਉਹ ਅਦਾਰ ਦੇ ਬਾਰ੍ਹਵੇਂ ਮਹੀਨੇ ਦਾ ਤੇਰ੍ਹਵਾਂ
ਦਿਨ ਸੀ। ਯਹੂਦੀਆਂ ਨੂੰ ਪਾਤਸ਼ਾਹ ਅਹਸ਼ਵੇਰੋਸ਼ ਦੇ ਸਾਰੇ ਸੂਬਿਆਂ
ਵਿੱਚ ਇਉਂ ਕਰਨ ਦਾ ਇਖਤਿਆਰ ਸੀ। 13ਇਸ ਆਦੇਸ਼ ਦੀ
ਇੱਕ ਨਕਲ ਹਰ ਕੌਮ ਦੇ ਲੋਕਾਂ ਨੂੰ, ਸਾਰੇ ਰਾਜ ਵਿੱਚ ਭੇਜੀ ਗਈ।
ਇਹ ਹਰ ਸੂਬੇ ਵਿੱਚ ਇੱਕ ਕਨੂੰਨ ਬਣ ਗਿਆ। ਯਹੂਦੀ ਉਸ
ਖਾਸ ਦਿਨ ਆਪਣੇ ਵੈਰੀਆਂ ਤੋਂ ਬਦਲਾ ਲੈਣ ਲਈ ਤਿਆਰ
ਰਹਿਣ। 14ਸੰਦੇਸ਼ਵਾਹਕਾਂ ਨੇ ਪਾਤਸ਼ਾਹ ਦੇ ਘੋੜਿਆਂ ਤੇ ਸਵਾਰ
ਹੋ ਕੇ ਇਸ ਕਾਰਜ ਨੂੰ ਛੇਤੀ-ਛੇਤੀ ਖਤਮ ਕੀਤਾ। ਪਾਤਸ਼ਾਹ ਨੇ
ਉਨ੍ਹਾਂ ਨੂੰ ਇਹ ਕੰਮ ਫੁਰਤੀ ਨਾਲ ਮੁਕਾਉਣ ਦਾ ਹੁਕਮ ਦਿੱਤਾ ਸੀ

---

**ਹਾਮਾਨ ਨੂੰ ਮਾਰ ਦਿੱਤਾ** ਮੂਲਅਰਥ, "ਹਾਮਾਨ ਦਾ ਚਿਹਰਾ ਢਕ ਦਿੱਤਾ।"

ਅਤੇ ਇਸ ਹੁਕਮ ਦਾ ਸ਼ੂਸ਼ਨ ਜਿਲ੍ਹੇ ਦੇ ਮਹਿਲ ਵਿੱਚ ਵੀ ਪ੍ਰਚਾਰ
ਕੀਤਾ ਗਿਆ।
15ਮਾਰਦਕਈ ਪਾਤਸ਼ਾਹ ਦੇ ਮਹਿਲ ਚੋਂ ਨਿਕਲਿਆ। ਉਸਨੇ
ਨੀਲੀ ਚਿੱਟੀ ਸ਼ਾਹੀ ਪੁਸ਼ਾਕ ਅਤੇ ਸੋਨੇ ਦਾ ਇੱਕ ਵੱਡਾ ਮੁਕਟ ਅਤੇ
ਕਤਾਨੀ ਤੇ ਬੈਂਗਣੀ ਰੰਗ ਦਾ ਚੋਗਾ ਪਾਇਆ ਹੋਇਆ ਸੀ। ਇਹ
ਵਸਤਰ ਧਾਰਕੇ ਉਹ ਪਾਤਸ਼ਾਹ ਦੇ ਮਹਿਲੋਂ ਬਾਹਰ ਨਿਕਲਿਆ
ਤੇ ਸ਼ੂਸ਼ਨ ਸ਼ਹਿਰ ਵਿੱਚ ਇਸ ਖਾਸ ਜਸ਼ਨ ਨੂੰ ਬੜੇ ਉਮਾਹ ਨਾਲ
ਮਨਾਇਆ ਗਿਆ ਅਤੇ ਲੋਕ ਵੀ ਬੜੇ ਖੁਸ਼ ਹੋਏ। 16ਇਹ ਦਿਨ
ਯਹੂਦੀਆਂ ਲਈ ਖਾਸ ਖੁਸ਼ੀ ਦਾ ਦਿਨ ਸੀ। ਇਹ ਉਨ੍ਹਾਂ ਲਈ
ਬਹੁਤ ਖੁਸ਼ੀਆਂ ਤੇ ਭਾਗਾਂ ਭਰਿਆਂ ਦਿਨ ਸੀ।
17ਜਿੱਥੇ-ਕਿੱਤੇ ਵੀ ਪਾਤਸ਼ਾਹ ਦਾ ਆਦੇਸ਼ ਪਹੁੰਚਿਆ, ਸ਼ਹਿਰਾਂ
ਤੇ ਸੂਬਿਆਂ ਵਿੱਚ ਯਹੂਦੀਆਂ ਦਰਮਿਆਨ ਖੁਸ਼ੀ ਦੀ ਲਹਿਰ ਦੌੜ
ਗਈ। ਯਹੂਦੀ ਦਾਅਵਤਾਂ ਦੇਕੇ ਇਹ ਪਰਬ ਮਨਾ ਰਹੇ ਸਨ ਅਤੇ
ਇਸ ਮੌਕੇ ਤੇ ਹੋਰਨਾਂ ਕੌਮਾਂ ਚੋਂ ਬਹੁਤ ਸਾਰੇ ਆਮ ਲੋਕ ਵੀ ਯਹੂਦੀ
ਬਣੇ ਕਿਉਂ ਕਿ ਉਹ ਯਹੂਦੀਆਂ ਤੋਂ ਬਹੁਤ ਡਰਦੇ ਸਨ।

## ਯਹੂਦੀਆਂ ਦੀ ਜਿੱਤ

9 ਬਾਰ੍ਹਵੇਂ ਮਹੀਨੇ (ਅਦਾਰ) ਦੇ ਤੇਰ੍ਹਵੇਂ ਦਿਨ ਲੋਕਾਂ ਲਈ
ਪਾਤਸ਼ਾਹ ਦੇ ਹੁਕਮ ਨੂੰ ਮੰਨਣਾ ਲਾਜ਼ਮੀ ਸੀ। ਇਸ ਦਿਨ
ਯਹੂਦੀਆਂ ਦੇ ਵੈਰੀਆਂ ਨੂੰ ਉਨ੍ਹਾਂ ਉੱਤੇ ਜਿੱਤ ਪਾਉਣ ਦੀ ਪੂਰੀ
ਉਮੀਦ ਸੀ। ਪਰ ਹੁਣ ਹਾਲਾਤ ਬਦਲ ਗਏ ਸਨ। ਹੁਣ ਯਹੂਦੀ
ਆਪਣੇ ਵੈਰੀਆਂ ਤੋਂ, ਜਿਹੜੇ ਕਿ ਯਹੂਦੀਆਂ ਨਾਲ ਨਫਰਤ ਕਰਦੇ
ਸਨ, ਤਕੜੇ ਸਨ। 2ਪਾਤਸ਼ਾਹ ਅਹਵੇਰੋਸ਼ ਦੇ ਰਾਜ ਦੇ ਸਾਰੇ ਪ੍ਰਾਂਤਾਂ
ਵਿੱਚ ਸਾਰੇ ਯਹੂਦੀ ਆਪਣੇ ਸ਼ਹਿਰਾਂ ਵਿੱਚ ਇਕੱਤ੍ਰ ਹੋਏ। ਉਹ
ਇਸ ਲਈ ਮਿਲੇ ਤਾਂ ਜੋ ਇਕੱਠੇ ਹੋਕੇ ਆਪਣੇ ਵੈਰੀਆਂ ਉੱਪਰ
ਹਮਲਾ ਕਰ ਸਕਣ ਜਿਹੜੇ ਕਿ ਉਨ੍ਹਾਂ ਨੂੰ ਤਬਾਹ ਕਰਨਾ ਚਾਹੁੰਦੇ
ਸਨ। ਸੋ ਹੁਣ ਕੋਈ ਵੀ ਉਨ੍ਹਾਂ ਦੀ ਤਾਕਤ ਦੇ ਨਾਲ ਮੱਥਾ ਲਾਉਣ
ਦੇ ਸਮਰੱਥ ਨਹੀਂ ਸੀ। ਅਸਲ ਵਿੱਚ ਉਹ ਸਾਰੇ ਲੋਕ ਯਹੂਦੀਆਂ
ਤੋਂ ਡਰਦੇ ਸਨ। 3ਤਾਂ ਸਾਰੇ ਸੂਬਿਆਂ ਦੇ ਅਧਿਕਾਰੀਆਂ, ਆਗੂਆਂ
ਅਤੇ ਪਾਤਸ਼ਾਹ ਦੇ ਰਾਜਪਾਲਾਂ ਅਤੇ ਸੰਚਾਲਕਾਂ ਜਿਨ੍ਹਾਂ ਨੇ ਸ਼ਾਹੀ
ਬਿਵਸਥਾ ਨੂੰ ਸ਼ਕਤੀਸ਼ਾਲੀ ਬਣਾਇਆ ਸੀ ਯਹੂਦੀਆਂ ਦੀ ਮਦਦ
ਕੀਤੀ। ਇਨ੍ਹਾਂ ਸਭਨਾਂ ਨੇ ਯਹੂਦੀਆਂ ਦੀ ਸਹਾਇਤਾ ਕੀਤੀ ਕਿਉਂ
ਕਿ ਉਹ ਮਾਰਦਕਈ ਤੋਂ ਡਰਦੇ ਸਨ। 4ਮਾਰਦਕਈ ਸ਼ਾਹੀ ਮਹਿਲ
ਵਿੱਚ ਬਹੁਤ ਮਹੱਤਵਪੂਰਣ ਬਣ ਗਿਆ। ਸਾਰੀਆਂ ਪ੍ਰਾਂਤਾਂ ਦੇ
ਲੋਕਾਂ ਨੇ ਉਸ ਦੀ ਪ੍ਰਸਿੱਧੀ ਅਤੇ ਮਹੱਤਤਾ ਬਾਰੇ ਪਤਾ ਲੱਗ ਗਿਆ।
ਇਸ ਤਰ੍ਹਾਂ ਮਾਰਦਕਈ ਦਿਨੋ-ਦਿਨ ਤਾਕਤਵਰ ਹੁੰਦਾ ਗਿਆ।
5ਯਹੂਦੀਆਂ ਨੇ ਆਪਣੇ ਸਾਰੇ ਵੈਰੀਆਂ ਨੂੰ ਹਰਾ ਦਿੱਤੀ। ਉਨ੍ਹਾਂ
ਨੇ ਆਪਣੇ ਵੈਰੀਆਂ ਨੂੰ ਤਲਵਾਰਾਂ ਨਾਲ ਮਾਰਿਆ ਤੇ ਤਬਾਹ ਕਰ
ਦਿੱਤਾ। ਇਨ੍ਹਾਂ ਯਹੂਦੀਆਂ ਨੇ ਉਨ੍ਹਾਂ ਲੋਕਾਂ ਨਾਲ ਆਪਣੀ ਮਨ
ਮਰਜੀ ਦਾ ਸਲੂਕ ਕੀਤਾ ਜਿਹੜੇ ਉਨ੍ਹਾਂ ਨੂੰ ਨਫ਼ਰਤ ਕਰਦੇ ਸਨ।
6ਯਹੂਦੀਆਂ ਨੇ ਸ਼ੂਸ਼ਨ ਵਿੱਚ 500 ਮਨੁੱਖਾਂ ਨੂੰ ਤਬਾਹ ਕੀਤਾ।
7ਯਹੂਦੀਆਂ ਨੇ ਪਰਸ਼ਨਦਾਥਾ, ਦਿਲਫੋਨ ਅਸਪਾਥਾ ਨੂੰ ਵੀ ਖਤਮ
ਕੀਤਾ। 8ਇਸਦੇ ਇਲਾਵਾ ਪੋਰਾਥਾ, ਅਦਲਯਾ, ਅਰੀਦਾਥਾ,
9ਪਰਮਸ਼ਤਾ, ਅਰੀਸਈ, ਅਰੀਦਈ ਅਤੇ ਵੀਜ਼ਾਥਾ ਨੂੰ ਵੀ ਵੱਢ
ਮੁਕਾਇਆ। 10ਇਹ ਉਪਰੋਕਤ ਦੱਸੇ ਮਨੁੱਖ ਹਾਮਾਨ ਦੇ ਦਸ
ਪੁੱਤਰ ਸਨ। ਹਮਦਾਥਾ ਦਾ ਪੁੱਤਰ ਹਾਮਾਨ ਯਹੂਦੀਆਂ ਦਾ ਵੈਰੀ
ਸੀ। ਯਹੂਦੀਆਂ ਨੇ ਉਨ੍ਹਾਂ ਸਾਰੇ ਮਨੁੱਖਾਂ ਨੂੰ ਮਾਰ ਮੁਕਾਇਆ ਪਰ
ਉਨ੍ਹਾਂ ਨੇ ਉਨ੍ਹਾਂ ਦੀਆਂ ਵਸਤਾਂ ਨੂੰ ਹੱਥ ਨਾ ਲਾਇਆ।
11ਉਸ ਦਿਨ ਪਾਤਸ਼ਾਹ ਨੇ ਸ਼ੂਸ਼ਨ ਜਿਲ੍ਹੇ ਦੇ ਮਹਿਲ ਵਿੱਚ
ਮਾਰੇ ਗਏ ਲੋਕਾਂ ਦੀ ਗਿਣਤੀ ਬਾਰੇ ਸੁਣਿਆ। 12ਤਾਂ ਪਾਤਸ਼ਾਹ
ਨੇ ਰਾਣੀ ਅਸਤਰ ਨੂੰ ਕਿਹਾ, "ਯਹੂਦੀਆਂ ਨੇ ਹਾਮਾਨ ਦੇ ਦੇਸ਼ਾਂ
ਪੁੱਤਰਾਂ ਸਮੇਤ ਸ਼ੂਸ਼ਨ ਵਿੱਚ 500 ਮਨੁੱਖਾਂ ਨੂੰ ਮਾਰ ਦਿੱਤਾ ਹੈ। ਹੁਣ
ਮੈਨੂੰ ਦੱਸ ਕਿ ਪਾਤਸ਼ਾਹ ਦੇ ਬਚੇ ਹੋਏ ਪ੍ਰਾਂਤਾਂ ਵਿੱਚ ਕੀ ਕੀਤਾ
ਜਾਵੇ? ਮੈਨੂੰ ਦੱਸ ਮੈ ਇਸਨੂੰ ਪੂਰਾ ਕਰਾਂਗਾ।"
13ਅਸਤਰ ਨੇ ਕਿਹਾ, "ਜੇਕਰ ਇਹ ਰਾਜੇ ਨੂੰ ਪ੍ਰਸੰਨ ਕਰੇ ਤਾਂ
ਅੱਜ ਵਾਂਗ ਕੱਲ ਨੂੰ ਵੀ ਯਹੂਦੀਆਂ ਦੁਆਰਾ ਸ਼ੂਸ਼ਨ ਵਿੱਚ ਇੰਝ
ਹੀ ਕੀਤਾ ਜਾਵੇ। ਅਤੇ ਹਾਮਾਨ ਦੇ ਦਸਾਂ ਪੁੱਤਰਾਂ ਦੀਆਂ ਲੋਥਾਂ ਨੂੰ
ਟੰਗਿਆ ਜਾਵੇ।"
14ਤਾਂ ਪਾਤਸ਼ਾਹ ਨੇ ਅਗਲੇ ਦਿਨ ਲਈ ਵੀ ਉਹੀ ਆਦੇਸ਼
ਦਿੱਤਾ। ਉਹ ਸ਼ਰ੍ਹਾ ਸ਼ੂਸ਼ਨ ਵਿੱਚ ਇੱਕ ਹੋਰ ਦਿਨ ਲਈ ਜਾਰੀ
ਰਹੀ। ਫ਼ੇਰ ਉਨ੍ਹਾਂ ਨੇ ਹਾਮਾਨ ਦੇ ਪੁੱਤਰਾਂ ਦੀਆਂ ਲੋਥਾਂ ਨੂੰ ਸੂਲੀ
ਚਾੜ੍ਹਿਆ। 15ਸ਼ੂਸ਼ਨ ਜਿਲ੍ਹੇ ਦੇ ਮਹਿਲ ਵਿੱਚ ਅਦਾਰ ਦੇ ਮਹੀਨੇ
ਦੇ ਚੌਦ੍ਹਵੇਂ ਦਿਨ ਫਿਰ ਸਾਰੇ ਯਹੂਦੀ ਇਕੱਠੇ ਹੋਏ। ਉਨ੍ਹਾਂ ਨੇ ਫਿਰ
ਸ਼ੂਸ਼ਨ ਸ਼ਹਿਰ ਵਿੱਚ 300 ਮਨੁੱਖਾਂ ਨੂੰ ਮਾਰ ਦਿੱਤਾ ਪਰ ਉਨ੍ਹਾਂ ਦੀ
ਕਿਸੇ ਵਸਤ ਨੂੰ ਹੱਥ ਨਾ ਲਾਇਆ।
16ਉਸੇ ਵਕਤ ਹੋਰ ਸੂਬਿਆਂ ਵਿੱਚ ਵੱਸਦਿਆਂ ਯਹੂਦੀਆਂ ਨੂੰ
ਵੀ ਇਕੱਠਾ ਕੀਤਾ ਤਾਂ ਜੋ ਇਕੱਠੇ ਹੋਕੇ ਆਪਣੇ ਬਚਾਓ ਲਈ
ਆਪਣੇ-ਆਪ ਨੂੰ ਤਾਕਤਵਰ ਕਰਨ। ਉਨ੍ਹਾਂ ਨੇ ਆਪਣੇ ਵੈਰੀਆਂ
ਨੂੰ ਪਿੱਛਾ ਛੁੜਾਉਣ ਲਈ 75,000 ਵੈਰੀਆਂ ਨੂੰ ਵੱਢ ਸੁੱਟਿਆ
ਪਰ ਪਰ ਲੁੱਟ ਦੇ ਮਾਲ ਨੂੰ ਹੱਥ ਨਾ ਲਾਇਆ। 17ਇਹ ਵਾਰਦਾਤ
ਅਦਾਰ ਦੇ ਮਹੀਨੇ ਤੇਰ੍ਹਾਂ ਤਰੀਕ ਨੂੰ ਹੋਈ ਅਤੇ ਚੌਦ੍ਹਵੇਂ ਦਿਨ
ਉਨ੍ਹਾਂ ਨੇ ਆਰਾਮ ਕੀਤਾ। ਉਸ ਦਿਨ ਨੂੰ ਯਹੂਦੀਆਂ ਨੇ ਖੁਸ਼ੀ ਦੀ
ਛੁੱਟੀ ਜਾਣ ਕੇ ਖੁਸ਼ੀ ਮਨਾਈ।

## ਪੂਰੀਮ ਦਾ ਪਰਬ

18ਸ਼ੂਸ਼ਨ ਵਿੱਚ ਸਾਰੇ ਯਹੂਦੀ ਅਦਾਰ ਦੇ ਮਹੀਨੇ ਦੇ 13 ਵੇਂ
ਅਤੇ 14 ਵੇਂ ਦਿਨ ਇਕੱਠੇ ਹੋਏ ਤੇ ਫਿਰ 15 ਵੇਂ ਦਿਨ ਉਹਨਾਂ ਨੇ
ਆਰਾਮ ਕੀਤਾ ਤੇ ਪੰਦਰ੍ਹਵੇਂ ਦਿਨ ਛੁੱਟੀ ਦਾ ਜਸ਼ਨ ਮਨਾਇਆ।
19ਇਉਂ ਦੇਸ਼ ਵਿੱਚ ਅਤੇ ਪਿੰਡਾਂ ਵਿੱਚ ਵੱਸਦੇ ਯਹੂਦੀਆਂ ਨੇ ਅਦਾਰ
ਦੇ ਚੌਦ੍ਹਵੇਂ ਦਿਨ ਪੂਰੀਮ ਦਾ ਪਰਬ ਮਨਾਇਆ। ਚੌਦਵੇਂ ਦਿਨ ਨੂੰ
ਉਨ੍ਹਾਂ ਨੇ ਖੁਸ਼ੀ ਦੀ ਛੁੱਟੀ ਰੱਖਿਆ। ਉਸ ਦਿਨ ਉਨ੍ਹਾਂ ਨੇ ਇੱਕ
ਦੂਜੇ ਨੂੰ ਤੋਹਫੇ ਵੰਡੇ ਅਤੇ ਦਾਅਵਤਾਂ ਕੀਤੀਆਂ।
20ਮਾਰਦਕਈ ਨੇ ਇਨ੍ਹਾਂ ਸਭ ਗੱਲਾਂ ਨੂੰ ਲਿਖਿਆ ਅਤੇ ਫਿਰ
ਉਸਨੇ ਪਾਤਸ਼ਾਹ ਅਹਸ਼ਵੇਰੋਸ਼ ਦੇ ਸਾਰੇ ਸੂਬਿਆਂ ਵਿੱਚ ਵੱਸਦੇ
ਯਹੂਦੀਆਂ ਨੂੰ ਚਿੱਠੀਆਂ ਭੇਜੀਆਂ। ਉਸਨੇ ਸਭ ਜਗ੍ਹਾ ਦੂਰ-ਨੇੜੇ
ਚਿੱਠੀਆਂ ਭੇਜੀਆਂ। 21ਮਾਰਦਕਈ ਨੇ ਅਜਿਹਾ ਇਸ ਲਈ ਕੀਤਾ
ਤਾਂ ਕਿ ਯਹੂਦੀਆਂ ਨੂੰ ਕਹੇ ਕਿ ਉਹ ਹਰ ਸਾਲ ਅਦਾਰ ਦੇ ਮਹੀਨੇ
ਦੇ ਚੌਦਵੇਂ ਪੰਦਰਵੇਂ ਦਿਨ ਪੂਰੀਮ ਦਾ ਪੁਰਬ ਮਨਾਉਣ। 22ਇਹ

ਉਹ ਦਿਨ ਸਨ ਜਿਨ੍ਹਾਂ ਵਿੱਚ ਯਹੂਦੀਆਂ ਨੂੰ ਆਪਣੇ ਵੈਰੀਆਂ ਤੋਂ
ਆਰਾਮ ਮਿਲਿਆ ਅਤੇ ਇਹ ਮਹੀਨਾ ਉਨ੍ਹਾਂ ਲਈ ਗਮ ਤੋਂ ਖੁਸ਼ੀ
ਵਿੱਚ ਅਤੇ ਰੋਣ ਪਿੱਟਣ ਤੋਂ ਖੁਸ਼ੀ ਵਿੱਚ ਬਦਲ ਗਿਆ। ਉਸ ਨੇ
ਇਨ੍ਹਾਂ ਦਿਨਾਂ ਨੂੰ ਖੁਸ਼ੀ ਦੀਆਂ ਛੁੱਟੀਆਂ ਘੋਸ਼ਿਤ ਕਰਨ ਲਈ, ਅਤੇ
ਜਸ਼ਨ ਮਨਾਉਣ ਲਈ ਅਤੇ ਦਾਅਵਤਾਂ ਕਰਨ ਲਈ, ਇੱਕ ਦੂਜੇ
ਨੂੰ ਤੋਹਫ਼ੇ ਦੇਣ ਲਈ ਅਤੇ ਗਰੀਬ ਲੋਕਾਂ ਨੂੰ ਤੋਹਫ਼ੇ ਭੇਜਣ ਲਈ
ਵੀ ਕਿਹਾ।

23ਤਾਂ ਯਹੂਦੀਆਂ ਨੇ ਜੋ ਕੁਝ ਮਾਰਦਕਈ ਤੇ ਲਿਖ ਕੇ ਭੇਜਿਆ,
ਉਸ ਨੂੰ ਮੰਨਿਆ। ਉਹ ਆਪਣੇ ਸ਼ੁਰੂ ਕੀਤੇ ਹੋਏ ਤਿਉਹਾਰ ਨੂੰ
ਜਾਰੀ ਰੱਖਣ ਲਈ ਰਾਜੀ ਹੋ ਗਏ।

24ਅਗਾਗੀ ਹਮਦਾਥਾ ਦਾ ਪੁੱਤਰ ਹਾਮਾਨ ਯਹੂਦੀਆਂ ਦਾ ਵੈਰੀ
ਸੀ ਅਤੇ ਉਸਨੇ ਯਹੂਦੀਆਂ ਨੂੰ ਤਬਾਹ ਕਰਨ ਦੀ ਭੈੜੀ ਵਿਉਂਤ
ਬਣਾਈ ਸੀ ਅਤੇ ਹਾਮਾਨ ਨੇ ਯਹੂਦੀਆਂ ਨੂੰ ਤਬਾਹ ਕਰਨ ਵਾਸਤੇ
ਦਿਨ ਮੁਕੱਰਰ ਕਰਨ ਲਈ ਗੁਣੇ ਪਾਏ ਸਨ, ਉਨ੍ਹਾਂ ਦਿਨਾਂ ਵਿੱਚ
ਗੁਣੇ ਨੂੰ "ਪੂਰੀਮ" ਕਿਹਾ ਜਾਂਦਾ ਸੀ, ਇਸੇ ਲਈ ਇਸ ਛੁੱਟੀ ਨੂੰ
"ਪੂਰੀਮ" ਆਖਿਆ ਗਿਆ। 25ਹਾਮਾਨ ਨੇ ਇਹ ਬੁਰਿਆਈ ਕੀਤੀ
ਪਰ ਅਸਤਰ ਪਾਤਸ਼ਾਹ ਕੋਲ ਇਸ ਬਾਰੇ ਗੱਲ ਕਰਨ ਲਈ ਗਈ।
ਇਸ ਲਈ ਪਾਤਸ਼ਾਹ ਨੇ ਨਵਾਂ ਹੁਕਮ ਭੇਜਿਆ ਅਤੇ ਉਸ ਨਵੇਂ
ਆਦੇਸ਼ ਨੇ ਸਿਰਫ਼ ਹਾਮਾਨ ਦੀ ਵਿਉਂਤ ਨੂੰ ਹੀ ਤਬਾਹ ਨਹੀਂ
ਕੀਤਾ ਪਰ ਇਹ ਹਾਮਾਨ ਅਤੇ ਉਸ ਦੇ ਪਰਿਵਾਰ ਤੇ ਲਾਗੂ ਹੋਈ।
ਇਵੇਂ ਹਾਮਾਨ ਅਤੇ ਉਸਦੇ ਪੁੱਤਰ ਸੂਲੀ ਚਾੜ੍ਹੇ ਗਏ।

26-27ਇਨ੍ਹਾਂ ਦਿਨਾਂ ਵਿੱਚ, ਗੁਣਿਆਂ ਨੂੰ 'ਪੂਰੀਮ' ਆਖਿਆ
ਜਾਂਦਾ ਸੀ। ਇਸ ਲਈ ਇਸ ਛੁੱਟੀ ਨੂੰ ਵੀ 'ਪੁਰੀਮ' ਦਾ ਨਾਂ ਦਿੱਤਾ
ਗਿਆ। ਮਾਰਦਕਈ ਨੇ ਯਹੂਦੀਆਂ ਨੂੰ ਇਹ ਛੁੱਟੀ ਮਨਾਉਣ
ਲਈ ਚਿੱਠੀ ਲਿਖੀ ਇਸ ਲਈ ਉਸ ਦਿਨ ਤੋਂ ਯਹੂਦੀਆਂ ਨੇ ਹਰ
ਵ੍ਹਰੇ ਇਹ ਦੋ ਦਿਨਾਂ ਨੂੰ ਮਨਾਇਆ। 28ਇਹ ਦਿਨ ਪੀੜ੍ਹੀ ਦਰ
ਪੀੜ੍ਹੀ ਹਰ ਪਰਿਵਾਰ ਦੁਆਰਾ, ਹਰ ਪ੍ਰਾਂਤ ਅਤੇ ਹਰ ਨਗਰ ਵਿੱਚ
ਯਾਦ ਕੀਤੇ ਅਤੇ ਮਨਾਏ ਜਾਣ ਲਈ ਹਨ। ਅਤੇ ਪੂਰੀਮ ਦੇ ਇਨ੍ਹਾਂ
ਦਿਨਾਂ ਨੂੰ ਯਹੂਦੀਆਂ ਦਰਮਿਆਨ ਵੇਖੇ ਜਾਣ ਤੋਂ ਬੰਦ ਨਹੀਂ
ਕੀਤੇ ਜਾਣੇ ਚਾਹੀਦੇ। ਅਤੇ ਨਾ ਹੀ ਉਨ੍ਹਾਂ ਦੀ ਯਾਦ ਉਨ੍ਹਾਂ ਦੇ
ਉੱਤਰਾਧਿਕਾਰੀਆਂ ਵਿੱਚੋਂ ਖਤਮ ਹੋਵੇ। ਇਸ ਲਈ ਉਹ ਸਭ ਕੁਝ
ਸਿਮਰਤੀਆਂ ਵਿੱਚ ਜੋ ਕੁਝ ਉਨ੍ਹਾਂ ਨਾਲ ਵਾਪਰਿਆ ਨੂੰ ਚੇਤੇ ਰੱਖਣ
'ਚ ਇਹ ਦਿਨ ਮਦਦ ਕਰੇ, ਇਸ ਲਈ ਇਹ ਦਿਨ ਯਾਦਗਾਰੀ
ਮੁਕੱਰਰ ਕੀਤੇ ਗਏ।

29ਫ਼ੇਰ ਅਬੀਹਯਿਲ ਦੀ ਧੀ ਰਾਣੀ ਅਸਤਰ ਅਤੇ ਮਾਰਦਕਈ
ਯਹੂਦੀ ਇਸ ਦੂਸਰੇ ਖਤ ਨੂੰ ਪੱਕਿਆਂ ਕਰਨ ਲਈ ਰਾਜੇ ਦੇ ਸਾਰੇ
ਅਧਿਕਾਰ ਨਾਲ, ਪੂਰੀਮ ਬਾਰੇ ਇੱਕ ਸ਼ਾਹੀ ਖ਼ਤ ਲਿਖਿਆ। 30ਇਸ
ਲਈ ਮਾਰਦਕਈ ਨੇ ਪਾਤਸ਼ਾਹ ਅਹਸ਼ਵੇਰੋਸ਼ ਦੇ 127 ਸੂਬਿਆਂ
ਵਿੱਚ ਸਾਰੇ ਯਹੂਦੀਆਂ ਨੂੰ ਪੱਤਰ ਲਿਖੇ। ਮਾਰਦਕਈ ਨੇ ਦੱਸਿਆ
ਕਿ ਇਹ ਛੁੱਟੀ ਆਪਸੀ ਪਿਆਰ ਅਤੇ ਯਹੂਦੀਆਂ ਵਿੱਚ ਆਪਸੀ
ਭਰੋਸੇ ਦਾ ਪੈਗਾਮ ਬਣੇ। 31ਮਾਰਦਕਈ ਨੇ ਇਨ੍ਹਾਂ ਖਤਾਂ ਨੂੰ ਲਿਖਿਆ
ਤਾਂ ਜੋ ਪੂਰੀਮ ਦੇ ਇਨ੍ਹਾਂ ਦਿਨਾਂ ਨੂੰ ਨਿਸ਼ਚਿਤ ਸਮੇਂ ਤੇ ਮਨਾਇਆ
ਜਾਵੇ। ਯਹੂਦੀ ਮਾਰਦਕਈ ਅਤੇ ਅਸਤਰ ਨੇ ਯਹੂਦੀਆਂ ਨੂੰ ਆਪਣੇ
ਲਈ ਅਤੇ ਉਨ੍ਹਾਂ ਦੇ ਉੱਤਰਾਧਿਕਾਰੀਆਂ ਲਈ ਦੋ ਦਿਨਾਂ ਦੀ ਛੁੱਟੀ
ਸਥਾਪਿਤ ਕਰਨ ਲਈ ਇਹ ਆਦੇਸ਼ ਭੇਜਿਆ। ਉਨ੍ਹਾਂ ਨੂੰ ਇਹ
ਦਿਨ ਵੀ ਇੰਝ ਹੀ ਯਾਦ ਰੱਖਣਾ ਚਾਹੀਦਾ ਜਿਵੇਂ ਉਹ ਦੂਸਰੀਆਂ
ਛੁੱਟੀਆਂ ਨੂੰ ਯਾਦ ਰੱਖਦੇ ਹਨ ਜਦੋਂ ਉਹ ਵਰਤ ਰੱਖ ਰਹੇ ਹੁੰਦੇ
ਹਨ, ਪ੍ਰਾਰਥਨਾ ਕਰ ਰਹੇ ਹੁੰਦੇ ਹਨ, ਉਨ੍ਹਾਂ ਨਾਲ ਵਾਪਰੀਆਂ
ਮਾੜੀਆਂ ਘਟਨਾਵਾਂ ਬਾਰੇ ਹੋ ਰਹੇ ਹੁੰਦੇ ਹਨ। 32ਅਸਤਰ ਦੇ
ਆਦੇਸ਼ਾਂ ਨਾਲ ਪੂਰੀਮ ਬਾਰੇ ਇਹ ਅਸੂਲ ਪੱਕੇ ਸਨ ਅਤੇ ਇਹ
ਗੱਲਾਂ ਪੋਥੀ ਵਿੱਚ ਲਿਖੀਆਂ ਗਈਆਂ।

## ਮਾਰਦਕਈ ਦਾ ਸੰਮਾਨ

10 ਅਹਸ਼ਵੇਰੋਸ਼ ਪਾਤਸ਼ਾਹ ਨੇ ਲੋਕਾਂ ਉੱਤੇ ਕਰ ਲਾ ਦਿੱਤਾ।
ਰਾਜ ਦੇ ਸਾਰੇ ਲੋਕਾਂ ਨੂੰ ਭਾਵੇਂ ਉਹ ਸਮੁੰਦਰ ਦੇ ਟਾਪੂਆਂ
ਤੇ ਰਹਿੰਦੇ ਹੋਣ, ਦੂਰ-ਦੁਰਾਡੇ ਵੱਸਦੇ ਲੋਕਾਂ ਉੱਪਰ ਵੀ ਪਾਤਸ਼ਾਹ
ਨੇ ਵਸੂਲ ਲਗਾ ਦਿੱਤਾ।

2ਪਾਤਸ਼ਾਹ ਅਹਸ਼ਵੇਰੋਸ਼ ਦੀਆਂ ਸਾਰੀਆਂ ਕਰਨੀਆਂ 'ਪਰਸੀਆਂ
ਅਤੇ ਮਾਦੀ ਦੇ ਰਾਜਿਆਂ ਦੇ ਇਤਹਾਸ ਦੀ ਪੋਥੀ ਵਿੱਚ ਲਿਖੀਆਂ
ਹੋਈਆਂ ਹਨ। ਅਤੇ ਮਾਰਦਕਈ ਦੀਆਂ ਕਰਨੀਆਂ ਅਤੇ ਕਿਵੇਂ
ਰਾਜੇ ਨੇ ਉਸਨੂੰ ਤਰੱਕੀ ਦਿੱਤੀ ਦਾ ਵਿਵਰਣ ਉਨ੍ਹਾਂ ਪੋਥੀਆਂ
ਵਿੱਚ ਲਿਖਿਆ ਗਿਆ। 3ਯਹੂਦੀ ਮਾਰਦਕਈ ਅਹਸ਼ਵੇਰੋਸ਼
ਪਾਤਸ਼ਾਹ ਤੋਂ ਦੂਜੇ ਰੁਤਬੇ ਉੱਤੇ ਸੀ ਅਤੇ ਯਹੂਦੀਆਂ ਵਿੱਚ
ਮਹੱਤਵਪੂਰਣ ਹਸਤੀ ਸੀ ਅਤੇ ਉਸਦੇ ਯਹੂਦੀ ਸਾਥੀਆਂ ਨੇ ਉਸ
ਨੂੰ ਆਦਰ-ਮਾਣ ਦੇ ਕੇ ਰੱਖਿਆ। ਉਹ ਉਸ ਦੀ ਇੱਜ਼ਤ ਅਤੇ
ਉਸਤਤ ਇਸ ਲਈ ਕਰਦੇ ਸਨ ਕਿਉਂ ਕਿ ਉਸਨੇ ਆਪਣੇ ਲੋਕਾਂ
ਦੀ ਭਲਾਈ ਲਈ ਬਹੁਤ ਕੰਮ ਕੀਤੇ ਅਤੇ ਜੋ ਸਾਰੇ ਯਹੂਦੀਆਂ
ਲਈ ਸ਼ਾਂਤੀ ਲਿਆਇਆਂ।

# License Agreement for Bible Texts

***World Bible Translation Center***
***Last Updated: September 21, 2006***

Copyright © 2006 by World Bible Translation Center
All rights reserved.

**These Scriptures:**

- Are copyrighted by World Bible Translation Center.
- Are not public domain.
- May not be altered or modified in any form.
- May not be sold or offered for sale in any form.
- May not be used for commercial purposes (including, but not limited to, use in advertising or Web banners used for the purpose of selling online add space).
- May be distributed without modification in electronic form for non-commercial use. However, they may not be hosted on any kind of server (including a Web or ftp server) without written permission. A copy of this license (without modification) must also be included.
- May be quoted for any purpose, up to 1,000 verses, without written permission. However, the extent of quotation must not comprise a complete book nor should it amount to more than 50% of the work in which it is quoted. A copyright notice must appear on the title or copyright page using this pattern: "Taken from the HOLY BIBLE: EASY-TO-READ VERSION™ © 2006 by World Bible Translation Center, Inc. and used by permission." If the text quoted is from one of WBTC's non-English versions, the printed title of the actual text quoted will be substituted for "HOLY BIBLE: EASY-TO-READ VERSION™." The copyright notice must appear in English or be translated into another language. When quotations from WBTC's text are used in non-saleable media, such as church bulletins, orders of service, posters, transparencies or similar media, a complete copyright notice is not required, but the initials of the version (such as "ERV" for the Easy-to-Read Version™ in English) must appear at the end of each quotation.

Any use of these Scriptures other than those listed above is prohibited. For additional rights and permission for usage, such as the use of WBTC's text on a Web site, or for clarification of any of the above, please contact World Bible Translation Center in writing or by email at distribution@wbtc.com.

World Bible Translation Center
P.O. Box 820648
Fort Worth, Texas 76182, USA
Telephone: 1-817-595-1664
Toll-Free in US: 1-888-54-BIBLE
E-mail: info@wbtc.com

**WBTC's web site –** World Bible Translation Center's web site: http://www.wbtc.org

**Order online –** To order a copy of our texts online, go to: http://www.wbtc.org

**Current license agreement –** *This license is subject to change without notice. The current license can be found at:* http://www.wbtc.org/downloads/biblelicense.htm

**Trouble viewing this file –** If the text in this document does not display correctly, use Adobe Acrobat Reader 5.0 or higher. Download Adobe Acrobat Reader from:
http://www.adobe.com/products/acrobat/readstep2.html

**Viewing Chinese or Korean PDFs –** To view the Chinese or Korean PDFs, it may be necessary to download the Chinese Simplified or Korean font pack from Adobe. Download the font packs from:
http://www.adobe.com/products/acrobat/acrrasianfontpack.html